




PANJAB TIMES

# ਪੰਜਾਬ ਟਾਈਮਜ਼

ਪੰਜਾਬੀਆਂ ਦੇ ਹੱਕਾਂ ਦਾ ਪਹਿਰੇਦਾਰ

Monday 1 May, 2023 — Europe's Leading Panjabi Weekly Since 1965








Panjab Times, Bridle Gate Lane, Derby, DE24 0QW (UK) • Tel: 01332 372851 or 07966 388388 • www.panjabtimes.uk • Email: panjabtimes@aol.com


# ਯੂਕੇ ਦੇ ਸਾਬਕਾ ਗ੍ਰਹਿ ਸਕੱਤਰ ਨੂੰ ਧਮਕੀ ਭਰਿਆ ਪੱਤਰ ਭੇਜਣ ਦੇ ਦੋਸ਼ 'ਚ ਵਿਅਕਤੀ ਨੂੰ ਜੇਲ



ਲੰਡਨ: ਬ੍ਰਿਟੇਨ ਦੀ ਸਾਬਕਾ ਗ੍ਰਹਿ ਸਕੱਤਰ ਪ੍ਰੀਤੀ ਪਟੇਲ ਨੂੰ ਧਮਕੀ ਭਰਿਆ ਪੱਤਰ ਭੇਜਣ ਦੇ ਦੋਸ਼ ਵਿਚ ਇਕ 65 ਸਾਲਾ ਵਿਅਕਤੀ ਨੂੰ ਪੰਜ ਮਹੀਨੇ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਲੰਡਨ ਦੀ ਵੈਸਟਮਿੰਸਟਰ ਮੈਜਿਸਟ੍ਰੇਟ ਅਦਾਲਤ ਨੇ ਪਿਛਲੇ ਹਫ਼ਤੇ 65 ਸਾਲਾ ਪੁਨੀਰਾਜ ਕਨਕੀਆ ਨੂੰ ਇਹ ਸਜ਼ਾ ਸੁਣਾਈ ਸੀ। ਕ੍ਰਾਊਨ ਪ੍ਰੌਸੀਕਿਊਸ਼ਨ ਸਰਵਿਸ (ਸੀ.ਪੀ.ਐਸ.) ਨੇ ਕਿਹਾ ਕਿ ਪ੍ਰੀਤੀ ਪਟੇਲ ਦੇ ਨਾਂਅ 'ਤੇ ਲਿਖੇ ਇਸ ਪੱਤਰ ਨੂੰ ÷ਨਿੱਜੀ ਪੱਤਰ÷ ਵਜੋਂ ਚਿੰਨ੍ਹਿਤ ਕੀਤਾ ਗਿਆ ਸੀ ਅਤੇ ਪਟੇਲ ਦੇ ਦਫ਼ਤਰ ਦੇ ਇਕ ਕਰਮਚਾਰੀ ਨੇ ਪਿਛਲੇ ਸਾਲ 22 ਜਨਵਰੀ ਨੂੰ ਇਹ ਪੱਤਰ ਖੋਲ੍ਹਿਆ ਸੀ। ਪਟੇਲ ਉਸ ਸਮੇਂ ਬੋਰਿਸ ਜਾਨਸਨ ਦੀ ਸਰਕਾਰ ਵਿਚ ਗ੍ਰਹਿ ਮੰਤਰੀ ਸਨ।

ਪਟੇਲ ਨੇ ਪੱਤਰ ਨੂੰ ਨਿੱਜੀ ਤੌਰ 'ਤੇ ਨਹੀਂ ਦੇਖਿਆ ਅਤੇ ਇਸ ਦੇ ਲੇਖਕ ਦਾ ਪਤਾ ਲਗਾਉਣ ਲਈ ਫੋਰੈਂਸਿਕ ਜਾਂਚ ਕੀਤੀ ਗਈ। ਸੀਨੀਅਰ ਕਰਾਊਨ ਪ੍ਰੌਸੀਕਿਊਟਰ ਲੌਰੇਨ ਦੋਸ਼ੀ ਨੇ ਕਿਹਾ, ਪੱਤਰ ਦੀ ਭਾਸ਼ਾ ਬੇਹੱਦ ਅਪਮਾਨਜਨਕ ਅਤੇ ਭੱਦੀ ਸੀ। ਕਨਕੀਆ ਨੇ ਸੋਚਿਆ ਸੀ ਕਿ ਉਹ ਫੜਿਆ ਨਹੀਂ ਜਾਵੇਗਾ ਪਰ ਫੋਰੈਂਸਿਕ ਜਾਂਚ ਤੋਂ ਪਤਾ ਲੱਗਿਆ ਹੈ ਕਿ ਪੱਤਰ ਲਿਖਣ ਵਾਲਾ ਉਹੀ ਸੀ। ਉਨ੍ਹਾਂ ਕਿਹਾ, ਦੋਸ਼ ਅਤੇ ਸਜ਼ਾ ਸਪੱਸ਼ਟ ਸੰਦੇਸ਼ ਦਿੰਦੀ ਹੈ ਕਿ ਇਸ ਕਿਸਮ ਦੀ ਧੱਕੇਸ਼ਾਹੀ ਨੂੰ ਬਹੁਤ ਗੰਭੀਰਤਾ ਨਾਲ ਲਿਆ ਜਾਂਦਾ ਹੈ ਅਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਸੀ.ਪੀ.ਐਸ. ਇਸ ਕਿਸਮ ਦੇ ਅਪਰਾਧਾਂ ਨਾਲ ਨਜਿੱਠਣ ਤੋਂ ਸੰਕੋਚ ਨਹੀਂ ਕਰੇਗੀ।

ਪੁਲਿਸ ਪੁੱਛਗਿੱਛ ਦੌਰਾਨ ਕਨਕੀਆ ਨੇ ਪਹਿਲਾਂ ਤਾਂ ਅਜਿਹਾ ਕੋਈ ਪੱਤਰ ਲਿਖਣ ਦੇ ਇਲਜ਼ਾਮਾਂ ਤੋਂ ਇਨਕਾਰ ਕੀਤਾ ਸੀ, ਪਰ ਬਾਅਦ ਵਿਚ ਪਿਛਲੇ ਸਾਲ ਮਾਰਚ ਵਿਚ, ਉਸ ਨੇ ਅਸ਼ਲੀਲ ਜਾਂ ਅਪਮਾਨਜਨਕ ਭਾਸ਼ਾ ਵਾਲਾ ਪੱਤਰ ਭੇਜਣ ਦਾ ਜੁਰਮ ਕਬੂਲ ਲਿਆ। ਮੁਲਜ਼ਮ ਹੈਲਥਕੇਅਰ ਸੈਕਟਰ ਵਿਚ ਕੰਮ ਕਰਦਾ ਹੈ।

# ਅੰਮ੍ਰਿਤਪਾਲ ਦੇ ਪੰਜ ਸਾਥੀਆਂ ਦੀ ਹਾਈ ਕੋਰਟ ਤੋਂ ਰਿੱਟ ਪਟੀਸ਼ਨ ਵਾਪਸ






ਚੰਡੀਗੜ੍ਹ, ਸਟੇਟ ਬਿਊਰੋ : ਪੰਜਾਬ-ਹਰਿਆਣਾ ਹਾਈ ਕੋਰਟ ਤੋਂ ਖਾਲਿਸਤਾਨ ਪੱਖੀ ਅੰਮ੍ਰਿਤਪਾਲ ਸਿੰਘ ਦੇ ਪੰਜ ਸਾਥੀਆਂ ਦੀ ਰਿੱਟ ਪਟੀਸ਼ਨ ਵਾਪਸ ਲੈ ਲਈ ਗਈ ਹੈ। ਹੁਣ ਨਜ਼ਰਬੰਦੀ ਦੇ ਆਧਾਰ ਬਾਰੇ ਸਲਾਹਕਾਰ ਬੋਰਡ ਦੀ ਰਿਪੋਰਟ ਆਉਣ ਤੋਂ ਬਾਅਦ ਹੀ NSA ਨੂੰ ਚੁਣੌਤੀ ਦੇਣ ਲਈ ਪਟੀਸ਼ਨਾਂ ਦਾਇਰ ਕੀਤੀਆਂ ਜਾਣਗੀਆਂ। ਦਰਅਸਲ, ਅੰਮ੍ਰਿਤਪਾਲ ਅਤੇ ਉਸ ਦੇ ਕਈ ਸਾਥੀ ਐਨਐਸਏ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਉਸ ਦੇ ਵਕੀਲਾਂ ਨੂੰ ਜੇਲ੍ਹ ਵਿੱਚ ਉਸ ਨੂੰ ਮਿਲਣ ਦਿੱਤਾ ਗਿਆ। ਇਸ ਦੇ ਨਾਲ ਹੀ ਵਕੀਲਾਂ ਨੂੰ ਉਨ੍ਹਾਂ ਦੀ ਹਿਰਾਸਤ ਦੇ ਕਾਰਨਾਂ ਬਾਰੇ ਵੀ ਜਾਣੂ ਕਰਵਾਇਆ ਗਿਆ। ਇਸੇ ਲਈ ਹੁਣ ਰਿੱਟ ਪਟੀਸ਼ਨਾਂ ਵਾਪਸ ਲੈ ਲਈਆਂ ਗਈਆਂ ਹਨ। ਹੁਣ ਨਜ਼ਰਬੰਦੀ ਦੇ ਆਧਾਰ ਬਾਰੇ ਸਲਾਹਕਾਰ ਬੋਰਡ ਦੀ ਰਿਪੋਰਟ ਤੋਂ ਬਾਅਦ ਹੀ ਐਨਐਸਏ ਨੂੰ ਚੁਣੌਤੀ ਦੇਣ ਲਈ ਪਟੀਸ਼ਨਾਂ ਦਾਇਰ ਕੀਤੀਆਂ ਜਾਣਗੀਆਂ। ਦੱਸ ਦੇਈਏ ਕਿ ਸਲਾਹਕਾਰ ਬੋਰਡ ਨੂੰ ਨਜ਼ਰਬੰਦੀ ਦੇ ਸੱਤ ਹਫ਼ਤਿਆਂ ਦੇ ਅੰਦਰ ਰਿਪੋਰਟ ਸੌਂਪਣੀ ਹੁੰਦੀ ਹੈ।

# ਧਰਨਾਕਾਰੀ ਪਹਿਲਵਾਨਾਂ ਦੇ ਸਮਰਥਨ 'ਚ ਜੰਤਰ-ਮੰਤਰ ਪਹੁੰਚੇ ਨਵਜੋਤ ਸਿੱਧੂ



ਚੰਡੀਗੜ੍ਹ- ਕਾਂਗਰਸੀ ਆਗੂ ਨਵਜੋਤ ਸਿੰਘ ਸਿੱਧੂ ਵੱਲੋਂ ਅੱਜ ਦਿੱਲੀ ਵਿੱਚ ਜੰਤਰ-ਮੰਤਰੀ ਵਿਖੇ ਕੌਮੀ ਕੁਸ਼ਤੀ ਫੈਡਰੇਸ਼ਨ ਦੇ ਮੁਖੀ ਬ੍ਰਿਜ ਭੂਸ਼ਣ ਸ਼ਰਨ ਸਿੰਘ ਖ਼ਿਲਾਫ਼ ਪ੍ਰਦਰਸ਼ਨ ਕਰ ਰਹੇ ਪਹਿਲਵਾਨਾਂ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਪਹਿਲਵਾਨਾਂ ਦੇ ਸਮਰਥਨ ਦਾ ਐਲਾਨ ਕਰਦਿਆਂ ਬ੍ਰਿਜ ਭੂਸ਼ਣ ਖ਼ਿਲਾਫ਼ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪੋਕਸੋ ਐਕਟ ਤਹਿਤ ਕੇਸ ਦਰਜ ਹੋਣ ਦੇ ਬਾਵਜੂਦ ਅਜੇ ਤੱਕ ਉਸ ਖ਼ਿਲਾਫ਼ ਕਾਰਵਾਈ ਕਿਉਂ ਨਹੀਂ ਹੋਈ ਹੈ। ਇਸ ਤੋਂ ਪਹਿਲਾਂ ਸਿੱਧੂ ਨੇ ਇਕ ਟਵੀਟ ਵਿੱਚ ਪ੍ਰਦਰਸ਼ਨ ਨੂੰ 'ਸੱਤਿਆਗ੍ਰਹਿ' ਕਰਾਰ ਦਿੰਦਿਆਂ ਕਿਹਾ ਸੀ ਕਿ ਉਹ ਧਰਨਾ ਦੇ ਰਹੇ ਪਹਿਲਵਾਨਾਂ ਨਾਲ ਮਿਲਣਗੇ।

# ਅਮਰੀਕਾ ਦੇ ਦੱਖਣੀ ਮਿਸੀਸਿਪੀ ‘ਚ ਫਾਇਰਿੰਗ, 6 ਵਿਦਿਆਰਥੀਆਂ ਨੂੰ ਲੱਗੀ ਗੋਲੀ, 2 ਦੀ ਹਾਲਤ ਗੰਭੀਰ

ਅਮਰੀਕਾ ਵਿਚ ਇਕ ਵਾਰ ਫਿਰ ਤੋਂ ਗੋਲੀਬਾਰੀ ਦੀ ਘਟਨਾ ਸਾਹਮਣੇ ਆਈ ਹੈ। ਅਮਰੀਕਾ ਦੇ ਦੱਖਣੀ ਮਿਸੀਸਿਪੀ ਵਿਚ ਇਕ ਹਾਊਸ ਪਾਰਟੀ ਵਿਚ ਅੰਨ੍ਹੇਵਾਹ ਫਾਇਰਿੰਗ




ਹੋਈ। ਹਾਦਸੇ ਵਿਚ ਹਾਈ ਸਕੂਲ ਦੇ 6 ਵਿਦਿਆਰਥੀਆਂ ਨੂੰ ਗੋਲੀ ਲੱਗੀ ਹੈ ਜਿਸ ਵਿਚੋਂ 2 ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ।

ਬਿਲੋਕਸੀ ਸਨ ਹੇਰਾਲਡ ਨੇ ਦੱਸਿਆ ਕਿ ਬਿਲੋਕਸੀ ਤੋਂ ਲਗਭਗ 46 ਕਿਲੋਮੀਟਰ ਦੂਰ ਪੱਛਮ ਵਿਚ ਬੇ ਸੇਂਟ ਲੁਈਸ ਵਿਚ ਸ਼ਨੀਵਾਰ ਰਾਤ ਗੋਲੀਬਾਰੀ ਹੋਈ। ਉਨ੍ਹਾਂ ਕਿਹਾ ਕਿ ਹਾਊਸ ਪਾਰਟੀ ਵਿਚ ਸਾਰੇ 6 ਵਿਦਿਆਰਥੀਆਂ ਨੂੰ ਗੋਲੀ ਲੱਗੀ ਤੇ ਉਨ੍ਹਾਂ ਨੂੰ ਤੁਰੰਤ ਸਥਾਨਕ ਹਸਪਤਾਲਾਂ ਵਿਚ ਭਰਤੀ ਕਰਾਇਆ ਗਿਆ। ਹਾਦਸੇ ਵਿਚ ਦੋ ਲੋਕਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ।

ਜਾਣਕਾਰੀ ਮੁਤਾਬਕ ਹਾਦਸੇ ਵਿਚ ਜ਼ਖਮੀ ਵਿਦਿਆਰਥੀਆਂ ਵਿਚੋਂ ਦੋ ਲੋਕ ਬੇ ਸੇਂਟ ਲੁਈਸ ਦੇ ਬੇ ਹਾਈ ਸਕੂਲ ਦੇ ਵਿਦਿਆਰਥੀ ਹਨ ਜਦੋਂ ਕਿ ਚਾਰ ਵਿਦਿਆਰਥੀ ਬੇ ਸੇਂਟ ਲੁਈਸ ਦੇ ਉੱਤਰ-ਪੱਛਮ ਵਿਚ 21 ਕਿਲੋਮੀਟਰ ਕਿਲਨ ਵਿਚ ਹੈਨਕਾਕ ਹਾਈ ਸਕੂਲ ਵਿਚ ਪੜ੍ਹਦੇ ਹਨ। ਰਿਪੋਰਟ ਮੁਤਾਬਕ ਜ਼ਖਮੀ ਵਿਦਿਆਰਥੀਆਂ ਵਿਚੋਂ ਕੋਈ ਵੀ ਵਿਦਿਆਰਥੀ ਬੇ ਹਾਈ ਦੇ ਪ੍ਰੋਮ ਵਿਚ ਸ਼ਾਮਲ ਨਹੀਂ ਹੋਏ ਸਨ ਜੋ ਸ਼ਨੀਵਾਰ ਦੀ ਰਾਤ ਪਹਿਲਾਂ ਆਯੋਜਿਤ ਕੀਤਾ ਗਿਆ ਸੀ।

ਸੂਚਨਾ ਮਿਲਦੇ ਹੀ ਪੁਲਿਸ ਤੁਰੰਤ ਘਟਨਾ ਵਾਲੀ ਥਾਂ ‘ਤੇ ਪਹੁੰਚੀ। ਹਾਲਾਂਕਿ ਅਜੇ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਇਸ ਘਟਨਾ ਵਿਚ ਕਿੰਨੀਆਂ ਗੋਲੀਆਂ ਚਲਾਈਆਂ ਗਈਆਂ ਹਨ। ਨਾਲ ਹੀ ਇਸ ਘਟਨਾ ਵਿਚ ਹੁਣ ਤੱਕ ਕਿਸੇ ਦੇ ਵੀ ਗ੍ਰਿਫਤਾਰ ਹੋਣ ਦੀ ਕੋਈ ਸੂਚਨਾ ਨਹੀਂ ਹੈ। ਜਿਸ ਘਰ ਵਿਚ ਪਾਰਟੀ ਆਯੋਜਿਤ ਕੀਤੀ ਗਈ ਸੀ ਉਹ ਹਾਲੀਵੁੱਡ ਕੈਸੀਨੋ ਤੋਂ ਇਕ ਮੀਲ ਤੋਂ ਵੀ ਘੱਟ ਦੂਰੀ ‘ਤੇ ਹੈ।

# ਅਮਰੀਕਾ ’ਚ ਤੂਫਾਨ ਨੇ ਮਚਾਈ ਤਬਾਹੀ



ਫਲੋਰੀਡਾ : ਅਮਰੀਕਾ ਦੇ ਫਲੋਰਿਡਾ ’ਚ ਸ਼ਨੀਵਾਰ ਨੂੰ ਇਕ ਸ਼ਕਤੀਸ਼ਾਲੀ ਤੂਫਾਨ ਨੇ ਤਬਾਹੀ ਮਚਾਈ, ਜਿਸ ਦੀ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀ ਹੈ। ਤੂਫਾਨ ਕਾਰਨ ਹੋਈ ਤਬਾਹੀ ਕਾਰਨ ਕਈ ਘਰਾਂ ਨੂੰ ਨੁਕਸਾਨ ਪੁੱਜਾ ਅਤੇ ਬਿਜਲੀ ਸਪਲਾਈ ਠੱਪ ਹੋ ਗਈ। ਇਸ ਦੇ ਨਾਲ ਹੀ ਕਈ ਵਾਹਨ ਪੂਰੀ ਤਰ੍ਹਾਂ ਤਬਾਹ ਹੋ ਗਏ।

ਸੋਸ਼ਲ ਮੀਡੀਆ ’ਤੇ ਸ਼ੇਅਰ ਕੀਤੀਆਂ ਗਈਆਂ ਕਈ ਭਿਆਨਕ ਵੀਡੀਓਜ਼ ’ਚ ਸ਼ਕਤੀਸ਼ਾਲੀ ਤੂਫਾਨ ਕਾਰਨ ਹੋਈ ਤਬਾਹੀ ਨੂੰ ਦਿਖਾਇਆ ਗਿਆ ਹੈ। ਇਸ ਨੂੰ ਦੇਖਣ ਤੋਂ ਬਾਅਦ ਤੁਸੀਂ ਖੁਦ ਤੂਫਾਨ ਦਾ ਅੰਦਾਜ਼ਾ ਲਗਾ ਸਕੋਗੇ। ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀ ਵੀਡੀਓ ’ਚ ਕਾਰਾਂ ਨੂੰ ਆਪਸ ’ਚ ਟਕਰਾਉਂਦੇ ਦੇਖਿਆ ਜਾ ਸਕਦਾ ਹੈ। ਭਿਆਨਕ ਤੂਫਾਨ ਤੋਂ ਬਾਅਦ ਬਚਾਅ ਕਰਮਚਾਰੀ ਰਾਹਤ ਅਤੇ ਬਚਾਅ ਕਾਰਜ’ਚ ਲੱਗੇ ਹੋਏ ਹਨ।

ਮੌਸਮ ਵਿਭਾਗ ਨੇ ਸ਼ਕਤੀਸ਼ਾਲੀ ਤੂਫਾਨ ਤੋਂ ਬਾਅਦ ਅਲਰਟ ਜਾਰੀ ਕੀਤਾ ਹੈ। ਇਸ ਦੇ ਨਾਲ ਹੀ ਲੋਕਾਂ ਨੂੰ ਸਾਵਧਾਨੀ ਨਾਲ ਘਰੋਂ ਨਿਕਲਣ ਲਈ ਕਿਹਾ ਗਿਆ ਹੈ। ਇਸ ਦੇ ਨਾਲ ਹੀ ਤੂਫਾਨ ਤੋਂ ਬਾਅਦ ਸ਼ਹਿਰ ਦੇ ਲੋਕ ਖੁਦ ਵੀ ਡਰੇ ਹੋਏ ਹਨ।

## ਲੋਕਾਂ ਨੂੰ ਮਿਲੀ ਰਾਹਤ : ਕੈਨੇਡਾ ’ਚ ਫੈਡਰਲ ਵਰਕਰਾਂ ਦੀ ਹੜਤਾਲ ਖਤਮ

ਓਟਾਵਾ : ਕੈਨੇਡਾ ਵਿੱਚ ਫੈਡਰਲ ਕਰਮਚਾਰੀਆਂ ਜਿਨ੍ਹਾਂ ਵਿੱਚ ਇਮੀਗ੍ਰੇਸ਼ਨ ਤੇ ਟੈਕਸ ਵਿਭਾਗ ਦੇ ਕਰਮਚਾਰੀਆਂ ਦੀ ਪਿਛਲੇ ਹਫਤੇ ਤੋਂ ਚੱਲ ਰਹੀ ਹੜਤਾਲ ਅੱਜ ਖਤਮ ਹੋ ਗਈ ਹੈ। ਫੈਡਰਲ ਸਰਕਾਰ ਦੇ ਨਵੇਂ ਪ੍ਰਸਤਾਵ ਨੂੰ ਯੂਨੀਅਨ ਨੇ ਮੰਨਿਆ। ਯੂਨੀਅਨ ਮੁਤਾਬਕ ਚਾਰ ਸਾਲਾਂ ’ਚ ਤਨਖਾਹ ’ਚ 12.6 ਫੀਸਦੀ ਦਾ ਵਾਧਾ ਹੋਵੇਗਾ। ਅੱਜ ਤੋਂ ਹੜਤਾਲੀ ਕਰਮਚਾਰੀਆਂ ਦੀ ਵਾਪਸ ਕੰਮਾਂ ’ਤੇ ਪਰਤ ਜਾਣ ਦੀ ਉਮੀਦ ਹੈ ।

# 2024 ਦੇ ਚੋਣ ਪ੍ਰਚਾਰ ਲਈ ਬਾਈਡਨ ਤੇ ਹੈਰਿਸ ਵੱਲੋਂ ਦਾਨੀ ਸੱਜਣਾਂ ਨਾਲ ਮੁਲਾਕਾਤ

ਵਾਸ਼ਿੰਗਟਨ- ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਅਤੇ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਹਫ਼ਤੇ ਦੇ ਅੰਤ ਵਿੱਚ ਚੋਟੀ ਦੇ 150 ਦਾਨੀ ਸੱਜਣਾਂ ਨਾਲ ਮੁਲਾਕਾਤ ਕੀਤੀ ਜਿਨ੍ਹਾਂ ਵਿੱਚ ਇਕ ਭਾਰਤੀ-ਅਮਰੀਕੀ ਕਾਰੋਬਾਰੀ ਵੀ ਸ਼ਾਮਲ ਹੈ। ਦੋਹਾਂ ਆਗੂਆਂ ਨੇ ਇਹ ਮੁਲਾਕਾਤ 2024 ਦੀ ਚੋਣ ਪ੍ਰਚਾਰ ਮੁਹਿੰਮ ਲਈ ਧਨ ਇਕੱਠਾ ਕਰਨ ਦੀ ਸਫ਼ਲ ਰਣਨੀਤੀ ਵਿਕਸਤ ਕਰਨ ਦੇ ਉਦੇਸ਼ ਨਾਲ ਕੀਤੀ। ਇਹ ਜਾਣਕਾਰੀ ਇਸ ਮੀਟਿੰਗ ਵਿੱਚ ਸ਼ਾਮਲ ਵਿਅਕਤੀਆਂ ਨੇ ਦਿੱਤੀ। ਇਸ ਦੌਰਾਨ ਸਾਬਕਾ ਰਾਸ਼ਟਰਪਤੀ ਡੋਨਲਡ ਟਰੰਪ ਦੀ ਅਗਵਾਈ ਵਾਲੇ “ਐੱਮਏਜੀਏ (ਮੇਕ ਅਮਰੀਕਾ ਗਰੇਟ



ਅਗੇਨ) ਰਿਪਬਲੀਕਨ’ ਨੂੰ ਲੰਬੇ ਹੱਥੀਂ ਲੈਂਦੇ ਹੋਏ ਬਾਇਡਨ ਨੇ ਗਰਭਪਾਤ ਦੇ ਅਧਿਕਾਰਾਂ ’ਤੇ ਜ਼ੋਰ ਦਿੱਤਾ। ਉਨ੍ਹਾਂ ਦਾਨੀ ਸੱਜਣਾਂ ਦੀ ਅਹਿਮੀਅਤ ਤੇ ਲੋਕਤੰਤਰ ਨੂੰ ਬਚਾਉਣ ਵਿੱਚ ਉਨ੍ਹਾਂ ਦੇ ਯੋਗਦਾਨ ’ਤੇ ਵੀ ਚਾਨਣਾ ਪਾਇਆ। ਮੀਟਿੰਗ ’ਚ ਸ਼ਾਮਲ ਵਿਅਕਤੀਆਂ ਨੇ ਕਿਹਾ ਕਿ ਹਾਲਾਂਕਿ ਇਹ ਪ੍ਰੋਗਰਾਮ ਧਨ ਇਕੱਠਾ ਕਰਨ ਲਈ ਨਹੀਂ ਸੀ, ਪਰ ਇਹ ਨਵੇਂ ਦਾਨੀਆਂ ਨੂੰ ਆਪਣੇ ਵੱਲ ਕਰਨ ਦੀ ਇਕ ਨਵੀਂ ਕੋਸ਼ਿਸ਼ ਸੀ। ਭਾਰਤੀ ਮੂਲ ਦੇ ਅਮਰੀਕੀ ਅਤੇ ਡੈਮੋਕਰੈਟਿਕ ਪਾਰਟੀ ਦੇ ਉਪ ਕੌਮੀ ਵਿੱਤੀ ਚੇਅਰਮੈਨ ਅਜੈ ਜੈਨ ਭੁਟੋਰੀਆ ਵਾਸ਼ਿੰਗਟਨ ਡੀਸੀ ਵਿੱਚ ਮੀਟਿੰਗ ’ਚ ਹਿੱਸਾ ਲੈਣ ਵਾਲੇ 150 ਪ੍ਰਮੁੱਖ ਡੈਮੋਕਰੈਟਿਕ ਦਾਨੀਆਂ ’ਚੋਂ ਇਕ ਸਨ। ਸਮਝਿਆ ਜਾਂਦਾ ਹੈ ਕਿ ਮੁਹਿੰਮ ਨੇ 2024 ਦੀ ਚੋਣ ਮੁਹਿੰਮ ਲਈ 2 ਅਰਬ ਅਮਰੀਕੀ ਡਾਲਰ ਇਕੱਤਰ ਕਰਨ ਦਾ ਟੀਚਾ ਰੱਖਿਆ ਹੈ। ਉਪ ਰਾਸ਼ਟਰਪਤੀ ਹੈਰਿਸ ਨੇ ਸਾਰੇ ਦਾਨੀਆਂ ਨਾਲ ਨਿੱਜੀ ਤੌਰ ’ਤੇ ਇਕ-ਇਕ ਕਰ ਕੇ ਗੱਲ ਕੀਤੀ।

# ਅੱਤਵਾਦ ਖਿਲਾਫ ਕੇਂਦਰ ਸਰਕਾਰ ਦਾ ਵੱਡਾ ਐਕਸ਼ਨ, ਬੰਦ ਕੀਤੀਆਂ 14 ਮੈਸੇਜਿੰਗ ਐਪਸ

ਕੇਂਦਰ ਸਰਕਾਰ ਨੇ 14 ਮੋਬਾਈਲ ਮੈਸੇਂਜਰ ਐਪਸ ਨੂੰ ਬਲਾਕ ਕਰ ਦਿੱਤਾ ਹੈ। ਇਨ੍ਹਾਂ ਮੈਸੇਂਜਰ ਐਪਸ ਦੀ ਅੱਤਵਾਦੀ ਗਤੀਵਿਧੀਆਂ ‘ਚ ਵਰਤੋਂ ਕੀਤੀ ਜਾ ਰਹੀ ਸੀ। ਅੱਤਵਾਦੀ ਇਨ੍ਹਾਂ ਮੋਬਾਈਲ ਮੈਸੇਂਜਰ ਐਪਸ ਦੀ ਵਰਤੋਂ ਕਰ ਰਹੇ ਸੀ। ਅੱਤਵਾਦੀਆਂ ਨੂੰ ਇਨ੍ਹਾਂ ਐਪਸ ਰਾਹੀਂ ਪਾਕਿਸਤਾਨ ਤੋਂ ਸੁਨੇਹੇ ਆਉਂਦੇ ਸੀ।

ਭਾਰਤ ਸਰਕਾਰ ਦੁਆਰਾ ਪਾਬੰਦੀਸ਼ੁਦਾ ਐਪਾਂ ‘ਚ Crypviser, Enigma, Safeswiss, Wickrme, Mediafire, Briar, BChat, Nandbox, Conion, IMO, Element, Second line, Zangi, Threema ਦੇ ਨਾਂ ਸ਼ਾਮਲ ਹਨ। ਰਿਪੋਰਟਾਂ ਮੁਤਾਬਕ ਅੱਤਵਾਦੀ ਇਨ੍ਹਾਂ ਮੈਸੇਂਜਰ ਐਪਸ ਦੀ ਵਰਤੋਂ ਜੰਮੂ-ਕਸ਼ਮੀਰ ‘ਚ ਆਪਣੇ ਸਾਥੀਆਂ ਨੂੰ ਸੰਦੇਸ਼ ਭੇਜਣ ਲਈ ਕਰ ਰਹੇ ਸੀ। ਦੇਸ਼ ਦੀਆਂ ਕਈ ਜਾਂਚ ਏਜੰਸੀਆਂ ਦੀਆਂ ਰਿਪੋਰਟਾਂ ‘ਚ ਇਸ ਗੱਲ ਦੀ ਪੁਸ਼ਟੀ ਹੋਈ ਹੈ, ਜਿਸ ਤੋਂ ਬਾਅਦ ਸਰਕਾਰ ਨੇ ਇਨ੍ਹਾਂ ਐਪਸ ‘ਤੇ ਪਾਬੰਦੀ ਲਗਾ ਦਿੱਤੀ ਹੈ। ਰਿਪੋਰਟਾਂ ਮੁਤਾਬਕ, ਇਨ੍ਹਾਂ ਐਪਸ ਦੀ ਵਰਤੋਂ




ਕਸ਼ਮੀਰ ਵਿੱਚ ਅੱਤਵਾਦੀਆਂ ਦੁਆਰਾ ਆਪਣੇ ਸਮਰਥਕਾਂ ਅਤੇ ਜ਼ਮੀਨੀ ਕਰਮਚਾਰੀਆਂ ਨਾਲ ਸੰਦੇਸ਼ ਭੇਜਣ ਅਤੇ ਗੱਲਬਾਤ ਕਰਨ ਲਈ ਕੀਤੀ ਜਾ ਰਹੀ ਸੀ।

ਇਨ੍ਹਾਂ ਐਪਸ ਦੇ ਡਿਵੈਲਪਰ ਭਾਰਤ ਵਿੱਚ ਨਹੀਂ ਹਨ ਅਤੇ ਨਾ ਹੀ ਇਨ੍ਹਾਂ ਐਪਸ ਨੂੰ ਭਾਰਤ ਤੋਂ ਚਲਾਇਆ ਜਾ ਰਿਹਾ ਹੈ। ਇਨ੍ਹਾਂ ਐਪਸ ਨੂੰ ਵਿਕਸਤ ਕਰਨ ਵਾਲੀਆਂ ਕੰਪਨੀਆਂ ਦੇ ਦਫਤਰ ਵੀ ਭਾਰਤ ਵਿੱਚ ਨਹੀਂ ਹਨ। ਭਾਰਤੀ ਕਾਨੂੰਨਾਂ ਮੁਤਾਬਕ ਜਾਣਕਾਰੀ ਲੈਣ ਲਈ ਐਪਸ ਦੀਆਂ ਕੰਪਨੀਆਂ ਨਾਲ ਸੰਪਰਕ ਨਹੀਂ ਕੀਤਾ ਜਾ ਸਕਿਆ।

ਇਨ੍ਹਾਂ ਐਪਸ ਨੂੰ ਇਸ ਤਰ੍ਹਾਂ ਡਿਜ਼ਾਈਨ ਕੀਤਾ ਗਿਆ ਹੈ ਕਿ ਇਨ੍ਹਾਂ ਨੂੰ ਟ੍ਰੈਕ ਨਹੀਂ ਕੀਤਾ ਜਾ ਸਕਦਾ। ਇਸ ਤੋਂ ਇਲਾਵਾ ਇਨ੍ਹਾਂ ਐਪਸ ਦੇ ਡਿਵੈਲਪਰਾਂ ਨੂੰ ਟਰੇਸ ਕਰਨਾ ਵੀ ਮੁਸ਼ਕਲ ਹੈ। ਗ੍ਰਹਿ ਮੰਤਰਾਲੇ ਨੇ ਵੱਖ-ਵੱਖ ਏਜੰਸੀਆਂ ਰਾਹੀਂ ਪਾਇਆ ਕਿ ਇਹ ਮੋਬਾਈਲ ਐਪ ਅੱਤਵਾਦੀਆਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਨੂੰ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਵਿੱਚ ਮਦਦ ਕਰਦੇ ਹਨ।

# ਸਿਮਰਜੀਤ ਸਿੰਘ ਬੈਂਸ ਦੀ ਲੋਕ ਇਨਸਾਫ ਪਾਰਟੀ ਨੇ ਭਾਰਤੀ ਜਨਤਾ ਪਾਰਟੀ ਨੂੰ ਦਿੱਤਾ ਸਮਰਥਨ

ਜਲੰਧਰ - ਭਾਰਤੀ ਜਨਤਾ ਪਾਰਟੀ ਨੂੰ ਆਪਣੇ ਉਮੀਦਵਾਰ ਇੰਦਰ ਇਕਬਾਲ ਸਿੰਘ ਅਟਵਾਲ ਦੀ ਚੋਣ ਮੁਹਿੰਮ ਵਿਚ ਉਸ ਸਮੇਂ ਜ਼ਬਰਦਸਤ ਕਾਮਯਾਬੀ ਮਿਲੀ ਜਦੋਂ ਲੋਕ ਇਨਸਾਫ਼ ਪਾਰਟੀ ਦੇ ਮੁਖੀ ਤੇ ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ ਨੇ ਜਲੰਧਰ ਜ਼ਿਮਨੀ ਚੋਣਾਂ ਲਈ ਹੀ ਨਹੀਂ, ਸਗੋਂ ਭਾਜਪਾ ਨੂੰ 2024 ਦੀਆਂ ਆਉਣ ਵਾਲੀਆਂ ਲੋਕਸਭਾ ਚੋਣਾਂ ਅਤੇ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਭਾਰਤੀ ਜਨਤਾ ਪਾਰਟੀ ਨੂੰ ਆਪਣਾ ਖੁੱਲ੍ਹਾ ਸਮਰਥਨ ਦੇਣ ਦਾ ਐਲਾਨ ਕਰ ਦਿੱਤਾ। ਇਸ ਮੌਕੇ ਭਾਜਪਾ ਦੇ ਪੰਜਾਬ ਇੰਚਾਰਜ ਤੇ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੁਪਾਨੀ, ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼, ਸਾਬਕਾ ਮੰਤਰੀ ਡਾ: ਰਾਜਕੁਮਾਰ ਵੇਰਕਾ, ਭਾਜਪਾ ਦੇ ਸੂਬਾ ਮੀਤ ਪ੍ਰਧਾਨ ਡਾ: ਸੁਭਾਸ਼ ਸ਼ਰਮਾ, ਸੂਬਾਈ ਬੁਲਾਰੇ ਅਨਿਲ ਸਰੀਨ, ਗੁਰਦੇਵ ਦੇਬੀ, ਡਾ. ਗੋਜਾ ਰਾਮ ਅਤੇ ਸੂਬਾ ਮੀਡੀਆ ਇੰਚਾਰਜ ਜਨਾਰਦਨ ਸ਼ਰਮਾ ਹਾਜ਼ਰ ਸਨ।

ਸਿਮਰਜੀਤ ਸਿੰਘ ਬੈਂਸ ਨੇ ਇਸ ਦੌਰਾਨ ਭਾਜਪਾ ਅੱਗੇ ਤਿੰਨ ਵੱਡੇ ਸੁਝਾਅ ਵੀ ਰੱਖੇ ਅਤੇ ਸਪੱਸ਼ਟ ਕੀਤਾ ਕਿ ਇਹ ਸਿਰਫ਼ ਇੱਕ ਸੁਝਾਅ ਹੈ, ਸ਼ਰਤ ਨਹੀਂ ਹੈ। ਸਿਮਰਜੀਤ ਸਿੰਘ ਬੈਂਸ ਨੇ ਕਿਹਾ ਕਿ ਗੁਆਂਢੀ ਦੇਸ਼ ਪਾਕਿਸਤਾਨ ਨਾਲ ਦੁਵੱਲਾ ਵਪਾਰ ਖੋਲ੍ਹਿਆ ਜਾਣਾ ਚਾਹੀਦਾ ਹੈ। ਇਸ ਨਾਲ ਦੋਵਾਂ ਦੇਸ਼ਾਂ ਨੂੰ ਫਾਇਦਾ ਹੋਵੇਗਾ। ਉਥੋਂ ਦੇ ਲੋਕ ਅਨਾਜ ਦੇ ਦਾਨੇ ਦਾਨੇ ਨੂੰ ਤਰਸ ਰਹੇ ਹਨ, ਭਾਰਤ 'ਚ ਚੂਹੇ ਕਣਕ ਨੂੰ ਖਾ ਰਹੇ ਹਨ। ਇਸ ਨਾਲ ਇਨਸਾਨੀਅਤ ਨਾਤੇ ਉਹਨਾਂ ਨੂੰ ਮਦਦ ਵੀ ਮਿਲੇਗੀ। ਉਨ੍ਹਾਂ ਨੇ ਦੂਜਾ ਸੁਝਾਅ ਕੇਂਦਰ ਸਰਕਾਰ ਵੱਲੋਂ ਦਲਿਤਾਂ ਲਈ ਚਲਾਈ ਜਾ ਰਹੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਨੂੰ ਸਹੀ ਢੰਗ ਨਾਲ ਲਾਗੂ ਕਰਨ ਦਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਸਮੇਂ ਪੰਜਾਬ ਵਿੱਚ ਇਸ ਨੂੰ ਸਹੀ ਢੰਗ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਹੁਸ਼ਿਆਰ ਦਲਿਤ ਵਿਦਿਆਰਥੀਆਂ ਦਾ ਭਵਿੱਖ ਹਨੇਰੇ 'ਚ ਪੈ ਗਿਆ ਹੈ। ਉਨ੍ਹਾਂ ਸੁਝਾਅ ਦਿੱਤਾ ਕਿ ਕੇਂਦਰ ਸਰਕਾਰ ਨੂੰ ਅਜਿਹੀ ਪ੍ਰਣਾਲੀ ਲਾਗੂ ਕਰਨੀ ਚਾਹੀਦੀ ਹੈ ਤਾਂ ਜੋ ਵਜ਼ੀਫ਼ੇ ਦਾ ਪੈਸਾ ਸਿੱਧਾ ਵਿਦਿਆਰਥੀ ਦੇ ਖਾਤੇ ਵਿੱਚ ਜਾਵੇ ਤਾਂ ਜੋ ਉਹ ਆਪਣੀ ਪੜ੍ਹਾਈ 'ਤੇ ਪੂਰਾ ਧਿਆਨ ਦੇ ਸਕੇ। ਉਨ੍ਹਾਂ ਦਾ ਤੀਜਾ ਸੁਝਾਅ ਕਿਸਾਨਾਂ ਨੂੰ ਫਸਲੀ ਵਿਭਿੰਨਤਾ ਵੱਲ ਲਿਆਉਣਾ ਸੀ ਕਿਉਂਕਿ ਝੋਨੇ ਨੇ ਪੰਜਾਬ ਦੇ ਪਾਣੀਆਂ ਨੂੰ ਡਾਰਕ ਜ਼ੋਨ ਵਿੱਚ ਲਿਆ ਦਿੱਤਾ ਹੈ। 1964 ਤੋਂ ਪਹਿਲਾਂ ਖਸਖਸ ਦੀ ਖੇਤੀ ਕੀਤੀ ਜਾਂਦੀ ਸੀ ਉਸਨੂੰ ਫਿਰ ਤੋਂ ਸ਼ੁਰੂ ਕਰਵਾਇਆ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਦੀ ਗੱਲ ਵੀ ਕਹੀ ਤਾਂ ਜੋ ਨੌਜਵਾਨਾਂ ਦਾ ਭਵਿੱਖ ਸੰਵਾਰਿਆ ਜਾ ਸਕੇ। ਉਨ੍ਹਾਂ ਇਨ੍ਹਾਂ ਵਿਸ਼ਿਆਂ 'ਤੇ ਡੂੰਘੀ ਚਿੰਤਾ ਪ੍ਰਗਟਾਈ।



ਸਿਮਰਜੀਤ ਸਿੰਘ ਬੈਂਸ ਨੇ ਕਿਹਾ ਕਿ ਉਹ ਭਾਜਪਾ ਨੂੰ ਆਪਣਾ ਸਮਰਥਨ ਸਿਰਫ ਇਸ ਲਈ ਦੇ ਰਹੇ ਹਨ ਕਿਉਂਕਿ ਇਹ ਇਕਲੌਤੀ ਪਾਰਟੀ ਹੈ ਜਿਸ 'ਤੇ ਕਿਸੇ ਵਿਅਕਤੀ ਵਿਸ਼ੇਸ਼ ਜਾਂ ਪਰਿਵਾਰ ਦਾ ਕੰਟਰੋਲ ਨਹੀਂ ਹੈ। ਇਸ ਵਿੱਚ ਕੰਮ ਕਰਨ ਵਾਲੇ ਵਰਕਰਾਂ ਨੂੰ ਬਹੁਤ ਵਧੀਆ ਮੌਕਾ ਮਿਲਦਾ ਹੈ ਅਤੇ ਇਸ ਦੀਆਂ ਕਈ ਉਦਾਹਰਣਾਂ ਹਨ। ਉਨ੍ਹਾਂ ਕਿਹਾ ਕਿ ਜਦੋਂ ਰਾਮਨਾਥ ਕੋਵਿੰਦ ਨੂੰ ਰਾਸ਼ਟਰਪਤੀ ਲਈ ਨਾਮਜ਼ਦ ਕੀਤਾ ਗਿਆ ਤਾਂ ਉਨ੍ਹਾਂ ਨੂੰ ਬਹੁਤ ਚੰਗਾ ਲੱਗਾ ਅਤੇ ਉਨ੍ਹਾਂ ਨੇ ਰਾਮਨਾਥ ਕੋਵਿੰਦ ਦੇ ਹੱਕ ਵਿੱਚ ਵੋਟ ਪਾਈ ਭਾਵੇਂ ਕਿ ਭਾਜਪਾ ਵੱਲੋਂ ਉਨ੍ਹਾਂ ਤੱਕ ਪਹੁੰਚ ਵੀ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸਿੱਖਾਂ ਅਤੇ ਪੰਜਾਬ ਪ੍ਰਤੀ ਬਹੁਤ ਹੀ ਉਦਾਰ ਰਵੱਈਆ ਹੈ। ਉਸ ਨੂੰ ਇਸ ਦੀ ਮਿਸਾਲ ਉਦੋਂ ਮਿਲੀ ਜਦੋਂ ਕੋਲਕਾਤਾ ਦੇ ਇਕ ਪੈਟਰੋਲ ਪੰਪ 'ਤੇ ਵੀਰ ਬਾਲ ਦਿਵਸ ਦਾ ਵੱਡਾ ਪੋਸਟਰ ਲੱਗਾ ਦੇਖਿਆ। ਫਿਰ ਜਦੋਂ ਉਨ੍ਹਾਂ ਪੈਟਰੋਲ ਪੰਪ ਦੇ ਮੁਲਾਜ਼ਮ ਤੋਂ ਉਸਦੀ ਜਾਣਕਾਰੀ ਲਈ ਤਾਂ ਉਨ੍ਹਾਂ ਕਿਹਾ ਕਿ ਪਹਿਲਾਂ ਸਾਨੂੰ ਬਹਾਦਰ ਬੱਚਿਆਂ ਦੀ ਸ਼ਹਾਦਤ ਬਾਰੇ ਪਤਾ ਨਹੀਂ ਸੀ ਪਰ ਜਦੋਂ ਪ੍ਰਧਾਨ ਮੰਤਰੀ ਨੇ ਵੀਰ ਬਾਲ ਦਿਵਸ ਮਨਾਉਣ ਦਾ ਐਲਾਨ ਕੀਤਾ। ਫਿਰ ਉਨ੍ਹਾਂ ਨੂੰ ਇਸ ਬਾਰੇ ਪਤਾ ਲੱਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਵਿਕਾਸ ਸਿਰਫ਼ ਭਾਰਤੀ ਜਨਤਾ ਪਾਰਟੀ ਹੀ ਕਰ ਸਕਦੀ ਹੈ। ਇਸ ਲਈ ਉਹ ਭਾਜਪਾ ਨੂੰ ਆਪਣਾ ਸਮਰਥਨ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਇੰਦਰ ਇਕਬਾਲ ਸਿੰਘ ਅਟਵਾਲ ਨੂੰ ਜਿਤਾਉਣ ਲਈ ਆਪਣੀ ਪੂਰੀ ਤਾਕਤ ਲਾਉਣਗੇ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਿਨ ਰਾਤ ਇੱਕ ਕਰ ਕੇ ਕੰਮ ਕਰੇਗੀ।

ਜਦੋਂ ਸਿਮਰਜੀਤ ਸਿੰਘ ਬੈਂਸ ਨੂੰ ਪੁੱਛਿਆ ਗਿਆ ਕਿ ਕੀ ਲੋਕ ਇਨਸਾਫ ਪਾਰਟੀ ਭਾਜਪਾ ਨਾਲ ਗਠਜੋੜ ਕਰੇਗੀ ਅਤੇ ਉਹ ਭਾਜਪਾ ਵਿਚ ਸ਼ਾਮਲ ਹੋ ਰਹੇ ਹਨ ਤਾਂ ਉਨ੍ਹਾਂ ਕਿਹਾ ਕਿ ਸੂਝਵਾਨਾਂ ਲਈ ਇਕ ਇਸ਼ਾਰਾ ਹੀ ਕਾਫੀ ਹੈ। ਇਸ ਮੌਕੇ ਵਿਜੇ ਰੁਪਾਨੀ ਨੇ ਲੋਕ ਇਨਸਾਫ਼ ਪਾਰਟੀ ਦੇ ਪ੍ਰਧਾਨ ਸਿਮਰਜੀਤ ਸਿੰਘ ਬੈਂਸ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਸਵਾਗਤ ਕਰਦਿਆਂ ਕਿਹਾ ਕਿ ਭਾਜਪਾ ਨੂੰ ਉਨ੍ਹਾਂ ਦਾ ਸਮਰਥਨ ਭਾਰਤੀ ਜਨਤਾ ਪਾਰਟੀ ਨੂੰ ਹੋਰ ਵੀ ਮਜ਼ਬੂਤ ਕਰੇਗਾ ਅਤੇ ਇੰਦਰ ਇਕਬਾਲ ਸਿੰਘ ਅਟਵਾਲ ਦੀ ਜਿੱਤ ਯਕੀਨੀ ਹੈ।

# ਕਰਤਾਰਪੁਰ ਤੋਂ ਆਪ ਵਿਧਾਇਕ ਬਲਕਾਰ ਸਿੰਘ ਵੱਲੋਂ ਆਪਣੇ ਪੁੱਤਰ ਲਈ ਸਬ ਇੰਸਪੈਕਟਰ ਦੀ ਆਸਾਮੀ ਹਾਸਲ ਕਰਨ ਵਾਲੇ 50 ਫੀਸਦੀ ਅਪੰਗ ਹੋਣ ਦੇ ਕੀਤੇ ਝੂਠੇ ਦਾਅਵੇ ਲਈ ਉਸ ਖਿਲਾਫ ਕੇਸ ਦਰਜ ਹੋਵੇ: ਬਿਕਰਮ ਸਿੰਘ ਮਜੀਠੀਆ

## ਆਪ ਵਿਧਾਇਕ ਦੇ ਪੁੱਤਰ ਅਤੇ ਗੈਰ ਕਾਨੂੰਨੀ ਕੰਮ ਵਿਚ ਸ਼ਾਮਲ ਸਾਰੇ ਪੁਲਿਸ ਅਫਸਰਾਂ ਖਿਲਾਫ ਕਾਰਵਾਈ ਦੀ ਵੀ ਕੀਤੀ ਮੰਗ ਜਿਸ ਕਾਰਨ ਸਬ ਇੰਸਪੈਕਟਰਾਂ ਦੀ ਸਾਰੀ ਭਰਤੀ ਪ੍ਰਕਿਰਿਆ ਠੱਪ ਹੋਈ

ਜਲੰਧਰ- ਸਾਬਕਾ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰ ਬਿਕਰਮ ਸਿੰਘ ਮਜੀਠੀਆ ਨੇ ਅੱਜ ਮੰਗ ਕੀਤੀ ਕਿ ਕਰਤਾਰਪੁਰ ਹਲਕੇ ਦੇ ਵਿਧਾਇਕ ਬਲਕਾਰ ਸਿੰਘ ਵੱਲੋਂ ਆਪਣੇ ਪੁੱਤਰ ਲਈ ਸਬ ਇੰਸਪੈਕਟਰ ਦੀ ਨੌਕਰੀ ਹਾਸਲ ਕਰਨ ਵਾਸਤੇ ਆਪਣੇ 50 ਫੀਸਦੀ ਅਪੰਗ ਹੋਣ ਦਾ ਦਾਅਵਾ ਕਰਦਿਆਂ ਜਾਅਲੀ ਸਰਟੀਫਿਕੇਟ ਬਣਾਉਣ ਲਈ ਉਹਨਾਂ ਖਿਲਾਫ ਫੌਜਦਾਰੀ ਕੇਸ ਦਰਜ ਕੀਤਾ ਜਾਵੇ ਅਤੇ ਵਿਧਾਇਕ ਦੇ ਪੁੱਤਰ ਤੇ ਉਹਨਾਂ ਸਾਰੇ ਪੁਲਿਸ ਮੁਲਾਜ਼ਮਾਂ ਖਿਲਾਫ ਵੀ ਕਾਰਵਾਈ ਕੀਤੀ ਜਾਵੇ ਜਿਹਨਾਂ ਨੇ ਇਹ ਗੈਰ ਕਾਨੂੰਨੀ ਕੰਮ ਕੀਤਾ ਹੈ।

ਅਕਾਲੀ ਆਗੂ ਨੇ ਇਹ ਖੁਲਾਸਾ ਵੀ ਕੀਤਾ ਕਿ ਕਿਵੇਂ ਗੈਰ ਪੰਜਾਬੀਆਂ ਨੂੰ ਆਮ ਆਦਮੀ ਪਾਰਟੀ ਸਰਕਾਰ ਬਹੁਤ ਜ਼ਿਆਦਾ ਤਨਖਾਹਾਂ 'ਤੇ ਨੌਕਰੀਆਂ 'ਤੇ ਰੱਖ ਰਹੀ ਹੈ ਜਦੋਂ ਕਿ ਉਹ ਪੰਜਾਬੀ ਆਉਂਦੀ ਹੋਣ ਦੀ ਸ਼ਰਤ ਵੀ ਪੂਰੀ ਨਹੀਂ ਕਰਦੇ। ਉਹਨਾਂ ਦੱਸਿਆ ਕਿ ਦਿੱਲੀ ਵਿਚ ਓਖਲਾ ਦੇ ਆਦਿਲ ਆਜ਼ਮੀ ਨੂੰ ਮੁੱਖ ਮੰਤਰੀ ਦਾ ਓ ਐਸ ਡੀ (ਮੀਡੀਆ) ਨਿਯੁਕਤ ਕੀਤਾ ਗਿਆ ਹੈ ਜਦੋਂ ਕਿ ਇਕ ਨੂੰ ਸੋਸ਼ਲ ਮੀਡੀਆ ਮੈਨੇਜਰ ਨਿਯੁਕਤ ਕੀਤਾ ਗਿਆ ਹੈ ਜਿਹਨਾਂ ਦੀਆਂ ਤਨਖਾਹਾਂ ਕ੍ਰਮਵਾਰ ਡੇਢ ਲੱਖ ਰੁਪਏ ਤੇ ਸਵਾ ਲੱਖ ਰੁਪਏ ਪ੍ਰਤੀ ਮਹੀਨਾ ਹਨ ਤੇ ਇਸਦੇ ਨਾਲ ਹੀ ਸਰਕਾਰੀ ਘਰ ਤੇ ਗੱਡੀਆਂ ਦੀ ਸਹੂਲਤ ਵੀ ਦਿੱਤੀ ਹੋਈ ਹੈ।

ਇਥੇ ਇਕ ਪ੍ਰੈਸ ਕਾਨਫਰੰਸ ਵਿਚ ਇਹ ਵੇਰਵੇ ਸਾਂਝੇ ਕਰਦਿਆਂ ਸਰਦਾਰ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਆਦਮਪੁਰ ਦੇ ਵਿਧਾਇਕ ਤੇ ਪੰਜਾਬ ਪੁਲਿਸ ਦੇ ਸਾਬਕਾ ਡੀ ਸੀ ਪੀ ਬਲਕਾਰ ਸਿੰਘ ਦੇ ਪੁੱਤਰ ਸੁਸ਼ੋਭਿਤਵੀਰ ਸਿੰਘ ਸਬ ਇੰਸਪੈਕਟਰਾਂ ਦੀ ਭਰਤੀ ਪ੍ਰਕਿਰਿਆ ਜੋ ਕਾਂਗਰਸ ਸਰਕਾਰ ਵੇਲੇ ਅਗਸਤ 2021 ਵਿਚ ਸ਼ੁਰੂ ਹੋਈ ਸੀ, ਵਿਚ ਫੇਲ੍ਹ ਹੋ ਗਿਆ ਸੀ। ਉਹਨਾਂ ਦੱਸਿਆ ਕਿ ਅਨੁਸੂਚਿਤ ਜਾਤੀ ਵਰਗ ਵਿਚ ਪ੍ਰੀਖਿਆ ਵਿਚ ਫੇਲ੍ਹ ਹੋਣ ਮਗਰੋਂ ਸੁਸ਼ੋਭਿਤਵੀਰ ਨੇ ਆਪਣੀ ਕੈਟਾਗਿਰੀ ਬਦਲ ਲਈ।




20.10.22 ਨੂੰ ਸੂਬੇ ਦੇ ਡੀ ਜੀ ਪੀ ਨੇ ਸਾਬਕਾ ਡੀ ਸੀ ਪੀ ਨੂੰ ਪੱਤਰ ਦਿੱਤਾ ਜਿਸ ਵਿਚ ਦੱਸਿਆ ਕਿ ਉਹਨਾਂ ਦੀ ਬੇਨਤੀ 'ਤੇ ਉਹਨਾਂ ਦਾ ਪੁੱਤਰ ਅਪੰਗ ਪੁਲਿਸ ਅਫਸਰਾਂ ਦੇ ਬੱਚਿਆਂ ਵਾਸਤੇ 2 ਫੀਸਦੀ ਰਾਖਵੇਂਕਰਨ ਦੀ ਵਿਵਸਥਾ ਤਹਿਤ ਯੋਗ ਹੈ ਤੇ ਬਲਕਾਰ ਸਿੰਘ 50 ਫੀਸਦੀ ਅਪੰਗ ਹੈ।

ਸਰਦਾਰ ਮਜੀਠੀਆ ਨੇ ਜ਼ੋਰ ਦੇ ਕੇ ਕਿਹਾ ਕਿ ਸਰਟੀਫਿਕੇਟ ਜਿਸਦੇ ਆਧਾਰ 'ਤੇ ਸੁਸ਼ੋਭਿਤਵੀਰ ਨੇ ਹਾਈ ਕੋਰਟ ਵਿਚ ਪਹੁੰਚ ਕੀਤੀ ਤੇ ਸ਼ਾਰਟ ਲਿਸਟ ਕੀਤੇ 4000 ਉਮੀਦਵਾਰਾਂ ਦੀ ਭਰਤੀ ਪ੍ਰਕਿਰਿਆ ਰੁਕਵਾ ਦਿੱਤੀ, ਝੂਠਾ ਹੈ। ਉਹਨਾਂ ਨੇ ਤਸਵੀਰਾਂ ਵਿਖਾ ਕੇ ਸਾਬਤ ਕੀਤਾ ਕਿ ਬਲਕਾਰ ਸਿੰਘ ਕੀਤੇ ਦਾਅਵੇ ਮੁਤਾਬਕ 50 ਫੀਸਦੀ ਅਪੰਗ ਨਹੀਂ ਹੈ। ਉਹਨਾਂ ਕਿਹਾ ਕਿ ਨਿਯਮਾਂ ਮੁਤਾਬਕ ਸਰਕਾਰੀ ਨੌਕਰੀ ਲਈ ਅਪਲਾਈ ਕਰਨ ਵਾਲਾ ਉਮੀਦਵਾਰ ਆਪਣੀ ਅਰਜ਼ੀ ਦੇਣ ਤੋਂ ਬਾਅਦ ਆਪਣਾ ਵਰਗ ਯਾਨੀ ਕੈਟਾਗਿਰੀ ਨਹੀਂ ਬਦਲ ਸਕਦਾ।

ਉਹਨਾਂ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਕਰਤਾਰਪੁਰ ਦੇ ਵਿਧਾਇਕ ਦੀ ਮਦਦ ਵਾਸਤੇ ਨਿਯਮਾਂ ਨੂੰ ਛਿੱਕੇ ਟੰਗ ਕੇ ਕੰਮ ਕੀਤਾ ਹੈ ਤੇ ਸੂਬੇ ਦੇ ਡੀ ਜੀ ਪੀ ਨੇ ਵਿਧਾਇਕ ਨੂੰ ਗਲਤ ਸਰਟੀਫਿਕੇਟ ਜਾਰੀ ਕੀਤਾ ਹੈ। ਉਹਨਾਂ ਕਿਹਾ ਕਿ ਦੋਵਾਂ ਮਾਮਲਿਆਂ ਦੀ ਜਾਂਚ ਹੋਣੀ ਚਾਹੀਦੀ ਹੈ ਤੇ ਦੋਸ਼ੀ ਖਿਲਾਫ ਕਾਰਵਾਈ ਹੋਣੀ ਚਾਹੀਦੀ ਹੈ। ਉਹਨਾਂ ਇਹ ਵੀ ਮੰਗ ਕੀਤੀ ਕਿ ਮੈਡੀਕਲ ਬੋਰਡ ਕੋਲੋਂ ਕਰਤਾਰਪੁਰ ਦੇ ਵਿਧਾਇਕ ਦੀ ਜਾਂਚ ਕਰਵਾਈ ਜਾਣੀ ਚਾਹੀਦੀ ਹੈ ਕਿ ਉਹ ਕੀਤੇ ਦਾਅਵੇ ਮੁਤਾਬਕ 50 ਫੀਸਦੀ ਅਪੰਗ ਹਨ ਜਾਂ ਨਹੀਂ।

# ਫਰਜ਼ੀ ਦਸਤਾਵੇਜ਼ ਪੇਸ਼ ਕਰਨ ਦੇ ਮਾਮਲੇ 'ਚ ਆਸਾਰਾਮ ਨੂੰ ਹਾਈਕੋਰਟ ਤੋਂ ਮਿਲੀ ਜ਼ਮਾਨਤ

ਰਾਜਸਥਾਨ ਹਾਈ ਕੋਰਟ ਨੇ ਆਪਣੇ ਆਪ ਨੂੰ ਧਰਮੀ ਮੰਨੇ ਜਾਣ ਵਾਲੇ ਆਸਾਰਾਮ ਨੂੰ ਜ਼ਮਾਨਤ ਦੇ ਦਿੱਤੀ ਹੈ। ਮੁਲਜ਼ਮ ਨੂੰ ਇਹ ਜ਼ਮਾਨਤ ਸੁਪਰੀਮ ਕੋਰਟ ਵਿੱਚ ਵਕੀਲ ਦੀ ਤਰਫ਼ੋਂ ਝੂਠੇ ਦਸਤਾਵੇਜ਼ ਪੇਸ਼ ਕਰਨ ਦੇ ਮਾਮਲੇ ਵਿੱਚ ਦਿੱਤੀ ਗਈ ਹੈ। ਹਾਲਾਂਕਿ ਆਸਾਰਾਮ ਹੋਰ ਮਾਮਲਿਆਂ 'ਚ ਸਜ਼ਾ ਹੋਣ ਕਾਰਨ ਫਿਲਹਾਲ ਜੇਲ ਤੋਂ ਬਾਹਰ ਨਹੀਂ ਆ ਸਕਣਗੇ। ਇਹ ਜ਼ਮਾਨਤ ਹਾਈ ਕੋਰਟ ਦੇ ਜਸਟਿਸ ਕੁਲਦੀਪ ਮਾਥੁਰ ਦੀ ਅਦਾਲਤ ਤੋਂ ਮਿਲੀ ਹੈ।



ਵਕੀਲ ਨੀਲਕਮਲ ਬੋਹਰਾ ਅਤੇ ਗੋਕੁਲੇਸ਼ ਬੋਹਰਾ ਨੇ ਅਦਾਲਤ ਵਿੱਚ ਆਸਾਰਾਮ ਦਾ ਪੱਖ ਪੇਸ਼ ਕੀਤਾ। ਦੱਸ ਦੇਈਏ ਕਿ ਆਸਾਰਾਮ ਨੂੰ ਬ.ਲਾਤਕਾਰ ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ। ਗਾਂਧੀਨਗਰ ਦੀ ਇੱਕ ਅਦਾਲਤ ਨੇ ਇਸ ਸਾਲ ਬਲਾਤਕਾਰ ਦੇ ਮਾਮਲੇ ਵਿੱਚ ਆਸਾਰਾਮ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਆਸਾਰਾਮ ਖਿਲਾਫ ਸਾਲ 2013 'ਚ ਬ.ਲਾਤਕਾਰ ਦਾ ਇਹ ਮਾਮਲਾ ਦਰਜ ਹੋਇਆ ਸੀ। ਹਾਲਾਂਕਿ ਪੀੜਤਾ ਦਾ ਬਲਾਤਕਾਰ 2001 ਤੋਂ 2006 ਦਰਮਿਆਨ ਹੋਇਆ ਸੀ। ਪੀੜਤਾ ਦੀ ਭੈਣ ਨੇ ਆਸਾਰਾਮ ਦੇ ਬੇਟੇ ਨਰਾਇਣ ਸਾਈਂ ਦੇ ਖਿਲਾਫ ਵੀ ਬਲਾਤਕਾਰ ਦਾ ਮਾਮਲਾ ਦਰਜ ਕਰਵਾਇਆ ਸੀ। ਇਸ ਮਾਮਲੇ ਵਿੱਚ ਨਰਾਇਣ ਸਾਈਂ ਨੂੰ ਅਪ੍ਰੈਲ 2019 ਵਿੱਚ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ। ਜਿਸ ਮਾਮਲੇ ਵਿੱਚ ਆਸਾਰਾਮ ਨੂੰ ਸਜ਼ਾ ਸੁਣਾਈ ਗਈ ਹੈ, 2013 ਵਿੱਚ ਅਹਿਮਦਾਬਾਦ ਦੇ ਚਾਂਦਖੇੜਾ ਪੁਲਿਸ ਸਟੇਸ਼ਨ ਵਿੱਚ FIR ਦਰਜ ਕੀਤੀ ਗਈ ਸੀ। ਐਫਆਈਆਰ ਮੁਤਾਬਕ ਪੀੜਤ ਔਰਤ ਨਾਲ 2001 ਤੋਂ 2006 ਦਰਮਿਆਨ ਅਹਿਮਦਾਬਾਦ ਸ਼ਹਿਰ ਦੇ ਬਾਹਰ ਇੱਕ ਆਸ਼ਰਮ ਵਿੱਚ ਕਈ ਵਾਰ ਬਲਾਤਕਾਰ ਕੀਤਾ ਗਿਆ ਸੀ।

## ਭਾਰਤੀ ਮੂਲ ਦਾ ਵਿਅਕਤੀ ਤਿੰਨ ਲੜਕਿਆਂ ਦੀ ਹੱਤਿਆ ਲਈ ਦੋਸ਼ੀ ਕਰਾਰ

ਨਿਊਯਾਰਕ: ਅਮਰੀਕਾ ਦੇ ਕੈਲੀਫੋਰਨੀਆ ਪ੍ਰਾਂਤ ਵਿੱਚ ਭਾਰਤੀ ਮੂਲ ਦੇ ਇਕ ਵਿਅਕਤੀ ਨੂੰ ਤਿੰਨ ਲੜਕਿਆਂ ਦੀ ਹੱਤਿਆ ਦਾ ਦੋਸ਼ੀ ਕਰਾਰ ਦਿੱਤਾ ਗਿਆ ਹੈ। ਮੀਡੀਆ ਰਿਪੋਰਟਾਂ ਮੁਤਾਬਕ ਇਹ ਲੜਕੇ ਉਸ ਦੇ ਘਰ ਦੇ ਦਰਵਾਜ਼ੇ ਦੀ ਘੰਟੀ ਵਜਾ ਕੇ ਸ਼ਰਾਰਤ ਕਰਦੇ ਸਨ। 'ਨਿਊਯਾਰਕ ਪੋਸਟ' ਦੀ ਖ਼ਬਰ ਮੁਤਾਬਕ, ਰਿਵਰਸਾਈਡ ਕਾਊਂਟੀ ਵਾਸੀ ਅਨੁਰਾਗ ਚੰਦਰਾ ਨੂੰ ਸ਼ੁੱਕਰਵਾਰ ਨੂੰ ਹੱਤਿਆ ਦੀ ਕੋਸ਼ਿਸ਼ ਅਤੇ ਤਿੰਨ ਲੜਕਿਆਂ ਦੀ ਹੱਤਿਆ ਦਾ ਦੋਸ਼ੀ ਪਾਇਆ ਗਿਆ। ਅਖ਼ਬਾਰ ਮੁਤਾਬਕ 14 ਜੁਲਾਈ ਨੂੰ ਚੰਦਰਾ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਜਾ ਸਕਦੀ ਹੈ ਅਤੇ ਇਹ ਵੀ ਸੰਭਾਵਨਾ ਹੈ ਕਿ ਉਸ ਨੂੰ ਕਦੇ ਪੈਰੋਲ ਵੀ ਨਾ ਮਿਲੇ। ਇਹ ਘਟਨਾ 19 ਜਨਵਰੀ, 2020 ਦੀ ਹੈ ਜਦੋਂ ਕੁਝ ਲੜਕਿਆਂ ਨੇ ਸ਼ਰਾਰਤ ਕਰਦੇ ਹੋਏ ਚੰਦਰਾ ਦੇ ਘਰ ਦੀ ਘੰਟੀ ਵਜਾਈ ਸੀ। ਚੰਦਰਾ ਨੇ ਦੱਸਿਆ ਕਿ ਘੰਟੀ ਵਜਾ ਕੇ ਦੌੜਨ ਤੋਂ ਪਹਿਲਾਂ ਇਕ ਲੜਕੇ ਨੇ ਉਸ ਨੂੰ ਚਿੜਾਇਆ ਸੀ। ਉਸ ਨੇ 16 ਸਾਲ ਦੇ ਤਿੰਨੋਂ ਲੜਕਿਆਂ ਨੂੰ ਗੱਡੀ ਹੇਠ ਦਰੜ ਕੇ ਹੱਤਿਆ ਕਰ ਦਿੱਤੀ ਸੀ।

## ਦਿੱਲੀ ਪੁਲਿਸ ਨੇ 7 ਮਹਿਲਾ ਪਹਿਲਵਾਨਾਂ ਨੂੰ ਕਰਾਈ ਸੁਰੱਖਿਆ ਮੁਹੱਈਆ

ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜਭੂਸ਼ਣ ਸ਼ਰਨ ਸਿੰਘ ਦੇ ਖਿਲਾਫ ਸ਼ਿਕਾਇਤ ਦਰਜ ਕਰਾਉਣ ਵਾਲੀਆਂ ਸਾਰੀਆਂ 7 ਮਹਿਲਾ ਪਹਿਲਵਾਨਾਂ ਨੂੰ ਦਿੱਲੀ ਪੁਲਿਸ ਨੇ



ਐਤਵਾਰ ਨੂੰ ਸੁਰੱਖਿਆ ਮੁਹੱਈਆ ਕਰਾਈ। ਸੁਪਰੀਮ ਕੋਰਟ ਨੇ ਦਿੱਲੀ ਪੁਲਸ ਨੂੰ ਬ੍ਰਿਜਭੂਸ਼ਣ ਸ਼ਰਨ ਸਿੰਘ 'ਤੇ ਦੋਸ਼ ਲਾਉਣ ਵਾਲੀਆਂ ਪੀੜਤ ਮਹਿਲਾਵਾਂ ਨੂੰ ਉਚਿਤ ਸੁਰੱਖਿਆ ਮੁਹੱਈਆ ਕਰਾਉਣ ਲਈ ਕਿਹਾ ਸੀ। ਦਿੱਲੀ ਪੁਲਸ ਨੇ ਸਾਰੀਆਂ ਮਹਿਲਾ ਪਹਿਲਵਾਨਾਂ ਨੂੰ ਵੀ ਜਾਂਚ 'ਚ ਸ਼ਾਮਲ ਹੋਣ ਅਤੇ 161 ਸੀ. ਆਰ. ਪੀ. ਸੀ. ਦੇ ਤਹਿਤ ਆਪਣੇ ਬਿਆਨ ਦਰਜ ਕਰਨ ਲਈ ਬੁਲਾਇਆ ਹੈ ਤਾਂ ਕਿ ਉਹ ਭਵਿੱਖ ਦੀ ਕਾਰਵਾਈ ਤੈਅ ਕਰ ਸਕਣ। ਸੂਤਰਾਂ ਨੇ ਦੱਸਿਆ ਕਿ ਇਕ-ਦੋ ਦਿਨ 'ਚ ਮਹਿਲਾ ਪਹਿਲਵਾਨ ਦਿੱਲੀ ਪੁਲਸ ਦੇ ਕਨਾਟ ਪਲੇਸ ਪੁਲਸ ਥਾਣੇ ਆ ਕੇ ਆਪਣਾ ਬਿਆਨ ਦਰਜ ਕਰਾ ਸਕਦੀਆਂ ਹਨ। ਸ਼ਨੀਵਾਰ ਨੂੰ ਸਿੰਘ ਦੇ ਖਿਲਾਫ ਦਰਜ 2 ਐੱਫ. ਆਈ. ਆਰ. 'ਚੋਂ ਇਕ ਦੀ ਕਾਪੀ ਚੋਟੀ ਦੀਆਂ ਮਹਿਲਾ ਪਹਿਲਵਾਨਾਂ ਨੂੰ ਸੌਂਪੀ ਗਈ, ਜੋ ਇੱਥੇ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰ ਰਹੀਆਂ ਹਨ। ਪੁਲਸ ਨੇ ਕਿਹਾ ਕਿ ਹਾਲਾਂਕਿ ਜਿਣਸੀ ਅਪਰਾਧਾਂ ਤੋਂ ਬੱਚਿਆਂ ਦੀ ਹਿਫਾਜ਼ਤ (ਪੋਕਸੋ) ਕਾਨੂੰਨ ਦੇ ਤਹਿਤ ਦਰਜ ਕੇਸ ਦੀ ਕਾਪੀ ਪਹਿਲਵਾਨਾਂ ਨੂੰ ਨਹੀਂ ਦਿੱਤੀ ਗਈ ਹੈ। ਇਸ ਨੂੰ ਪੀੜਤ ਪਰਿਵਾਰ ਨੂੰ ਸੌਂਪ ਦਿੱਤਾ ਜਾਵੇਗਾ। ਇਕ ਉੱਚ ਪੁਲਸ ਅਧਿਕਾਰੀ ਨੇ ਕਿਹਾ ਕਿ ਉਹ ਛੇਤੀ ਹੀ ਪੀੜਤਾਂ ਦੇ ਬਿਆਨ ਦਰਜ ਕਰਨਗੇ।

## ਬਾਦਲ ਦੇ ਦੇਹਾਂਤ ਮਗਰੋਂ ਗਿਲੇ ਸ਼ਿਕਵੇ ਅਗਨ ਭੇਟ ਕੀਤੇ: ਸਿੱਧੂ

ਲੰਬੀ- ਕਾਂਗਰਸ ਦੇ ਸੀਨੀਅਰ ਆਗੂ ਨਵਜੋਤ ਸਿੰਘ ਸਿੱਧੂ ਅੱਜ ਇੱਥੇ ਪਿੰਡ ਬਾਦਲ ਵਿੱਚ ਸੁਖਬੀਰ



ਸਿੰਘ ਬਾਦਲ ਅਤੇ ਹਰਸਿਮਰਤ ਕੌਰ ਬਾਦਲ ਨਾਲ ਦੁੱਖ ਸਾਂਝਾ ਕਰਨ ਪਹੁੰਚੇ। ਇਸ ਮੌਕੇ ਉਨ੍ਹਾਂ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਵੱਡੇ ਜਿਗਰੇ ਵਾਲੀ ਸ਼ਖ਼ਸੀਅਤ ਸਨ। ਉਨ੍ਹਾਂ ਵਿੱਚ ਕਿਸੇ ਦੀ ਗੱਲ ਸੁਣਨ ਦੀ ਸਮਰੱਥਾ ਤੇ ਭੇਤ ਗੁਪਤ ਰੱਖਣ ਦਾ ਜਿਗਰਾ ਸੀ। ਇਸ ਮਗਰੋਂ ਮੀਡੀਆ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਸ੍ਰੀ ਸਿੱਧੂ ਨੇ 2006-07 ਵਿੱਚ ਪ੍ਰਕਾਸ਼ ਸਿੰਘ ਬਾਦਲ ਨਾਲ ਸਾਂਝੀਆਂ ਕੀਤੀਆਂ ਡੇਢ-ਦੋ ਸੌ ਰੈਲੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਨਾਲ ਬਿਤਾਏ ਚੰਗੇ ਪਲ ਹਮੇਸ਼ਾ ਯਾਦ ਰਹਿਣਗੇ। ਸਿੱਧੂ ਨੇ ਕਿਹਾ ਕਿ ਬਾਦਲ ਪਰਿਵਾਰ ਨਾਲ ਉਨ੍ਹਾਂ ਦਾ ਗਿਲਾ-ਸ਼ਿਕਵਾ ਜੱਗ-ਜ਼ਾਹਰ ਹੈ, ਪਰ ਪ੍ਰਕਾਸ਼ ਸਿੰਘ ਬਾਦਲ ਦੇ ਜਾਣ ਮਗਰੋਂ ਹੁਣ ਉਨ੍ਹਾਂ ਸਾਰੇ ਗਿਲੇ ਅਗਨ ਭੇਟ ਕਰ ਦਿੱਤੇ ਹਨ। ਸਿੱਧੂ ਨੇ ਕਿਹਾ ਕਿ ਲੋਕ ਫਤਵੇ ਨਾਲ ਚੁਣੇ ਪੰਜ ਵਾਰ ਦੇ ਮੁੱਖ ਮੰਤਰੀ ਨੂੰ ਸਤਿਕਾਰ ਮਿਲਣਾ ਚਾਹੀਦਾ ਹੈ ਤੇ ਇਸੇ ਭਾਵਨਾ ਹਿੱਤ ਉਹ ਇੱਥੇ ਪੁੱਜੇ ਹਨ। ਮੌਜੂਦਾ ਦੌਰ ਵਿੱਚ ਸਿਆਸਤ ਦਾ ਲਹਿਜ਼ਾ ਬਦਲਣ ਸਬੰਧੀ ਪੁੱਛੇ ਜਾਣ 'ਤੇ ਸਿੱਧੂ ਨੇ ਕਿਹਾ ਕਿ ਜੇਕਰ ਅਸੀਂ ਨਾ ਸੰਭਲੇ ਤਾਂ ਆਉਣ ਵਾਲੇ ਸਮੇਂ ਵਿੱਚ ਸੂਬਾ ਰਹਿਣਯੋਗ ਨਹੀਂ ਬਚੇਗਾ।

## ਅਰਵਿੰਦ ਕੇਜਰੀਵਾਲ ਨੂੰ ਕਾਂਗਰਸ ਵਿਰੁਧ ਟਿੱਪਣੀ ਦੇ ਮਾਮਲੇ 'ਚ ਰਾਹਤ; ਅਦਾਲਤ ਨੇ ਕਾਰਵਾਈ 'ਤੇ ਰੋਕ ਵਧਾਈ

ਨਵੀਂ ਦਿੱਲੀ: ਸੁਪਰੀਮ ਕੋਰਟ ਨੇ 2014 ਦੀਆਂ ਸੰਸਦੀ ਚੋਣਾਂ ਦੌਰਾਨ ਉੱਤਰ ਪ੍ਰਦੇਸ਼ ਵਿਚ ਭਾਰਤੀ ਜਨਤਾ ਪਾਰਟੀ ਅਤੇ ਕਾਂਗਰਸ ਵਿਰੁਧ ਕਥਿਤ ਤੌਰ 'ਤੇ ਅਪਮਾਨਜਨਕ ਟਿੱਪਣੀਆਂ ਕਰਨ ਦੇ ਮਾਮਲੇ 'ਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵਿਰੁਧ ਦਰਜ ਕੇਸ ਦੀ ਕਾਰਵਾਈ 'ਤੇ ਅੰਤ੍ਰਿਮ ਰੋਕ ਵਧਾ ਦਿੱਤੀ ਹੈ। ਕੇਜਰੀਵਾਲ ਨੇ ਇਲਾਹਾਬਾਦ ਹਾਈ ਕੋਰਟ ਦੀ ਲਖਨਊ ਬੈਂਚ ਦੇ ਹੁਕਮ ਵਿਰੁਧ ਸੁਪਰੀਮ ਕੋਰਟ ਦਾ ਰੁਖ਼ ਕੀਤਾ ਹੈ।

ਹਾਈ ਕੋਰਟ ਨੇ ਜਨਵਰੀ ਵਿਚ ਆਮ ਆਦਮੀ ਪਾਰਟੀ ਦੇ ਮੁਖੀ ਨੂੰ ਸੁਲਤਾਨਪੁਰ ਦੀ ਇਕ ਹੇਠਲੀ ਅਦਾਲਤ ਵਿਚ ਲੰਬਿਤ ਇਕ ਅਪਰਾਧਿਕ ਮਾਮਲੇ ਵਿਚ ਆਰੋਪ ਮੁਕਤ ਕਰਨ ਤੋਂ ਇਨਕਾਰ ਕਰ ਦਿਤਾ ਸੀ। ਐਫਆਈਆਰ ਵਿਚ, ਕੇਜਰੀਵਾਲ 'ਤੇ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 125 ਦੇ ਤਹਿਤ ਇਲਜ਼ਾਮ ਲਗਾਇਆ ਗਿਆ ਹੈ, ਜੋ ਚੋਣਾਂ ਦੇ ਸਬੰਧ ਵਿਚ ਵੱਖ-ਵੱਖ ਵਰਗਾਂ ਵਿਚਕਾਰ



ਦੁਸ਼ਮਣੀ ਨੂੰ ਉਤਸ਼ਾਹਿਤ ਕਰਨ ਨਾਲ ਸਬੰਧਤ ਹੈ। ਜਸਟਿਸ ਕੇ. ਐਮ ਜੋਸਫ਼ ਅਤੇ ਜਸਟਿਸ ਬੀ.ਕੇ. ਵੀ.ਨਾਗਾਰਤਨਾ ਦੀ ਬੈਂਚ ਨੇ ਮਾਮਲੇ ਦੀ ਸੁਣਵਾਈ ਮੁਲਤਵੀ ਕਰ ਦਿੱਤੀ। ਬੈਂਚ ਨੇ ਪਾਇਆ ਕਿ ਉੱਤਰ ਪ੍ਰਦੇਸ਼ ਸਰਕਾਰ ਦੁਆਰਾ ਮੁਲਤਵੀ ਲਈ ਇਕ ਪੱਤਰ ਭੇਜਿਆ ਗਿਆ ਹੈ ਜਿਸ ਵਿਚ ਜਵਾਬ ਦਾਇਰ ਕਰਨ ਲਈ ਹੋਰ ਸਮਾਂ ਮੰਗਿਆ ਗਿਆ ਹੈ। ਬੈਂਚ ਨੇ ਕਿਹਾ, ਇਸ ਨੂੰ ਜੁਲਾਈ ਦੇ ਤੀਜੇ ਹਫ਼ਤੇ ਵਿਚ ਰੱਖਿਆ ਜਾਵੇ। ਅੰਤਰਿਮ ਹੁਕਮ ਜਾਰੀ ਰਹੇਗਾ।

ਕੇਜਰੀਵਾਲ ਨੇ ਕਥਿਤ ਤੌਰ 'ਤੇ ਕਿਹਾ ਸੀ, ਜੋ ਕਾਂਗਰਸ ਨੂੰ ਵੋਟ ਦੇਵੇਗਾ, ਮੇਰਾ ਮੰਨਣਾ ਹੈ ਕਿ ਉਹ ਦੇਸ਼ ਨਾਲ ਗੱਦਾਰੀ ਕਰੇਗਾ... ਜੋ ਭਾਜਪਾ ਨੂੰ ਵੋਟ ਦੇਵੇਗਾ, ਪ੍ਰਮਾਤਮਾ ਵੀ ਉਸ ਨੂੰ ਮੁਆਫ਼ ਨਹੀਂ ਕਰਨਗੇ। ਐਡਵੋਕੇਟ ਵਿਵੇਕ ਜੈਨ ਜ਼ਰੀਏ ਦਾਇਰ ਆਪਣੀ ਪਟੀਸ਼ਨ 'ਚ ਕੇਜਰੀਵਾਲ ਨੇ ਕਿਹਾ ਹੈ ਕਿ ਪਟੀਸ਼ਨ ਕਾਨੂੰਨ ਦੇ ਕੁਝ ਅਹਿਮ ਸਵਾਲ ਉਠਾਉਂਦੀ ਹੈ, ਜਿਸ 'ਚ ਇਹ ਵੀ ਸ਼ਾਮਲ ਹੈ ਕਿ ਕੀ ਐਕਟ ਦੀ ਧਾਰਾ 125 ਦੇ ਤਹਿਤ, ਬਿਨਾਂ ਕਿਸੇ ਵੀਡੀਓ ਕਲਿਪ ਜਾਂ ਕਥਿਤ ਭਾਸ਼ਣ ਦੀ ਪੂਰੀ ਟ੍ਰਾਂਸਕ੍ਰਿਪਟ ਕਿਸੇ 'ਤੇ ਕੇਸ ਬਣਾਇਆ ਜਾ ਸਕਦਾ ਹੈ।

# ਅਬਾਦੀ 'ਚ ਭਾਰਤ ਤੋਂ ਪਿਛੜਣ 'ਤੇ ਚੀਨ ਹੈਰਾਨੀ ਵਾਲਾ ਫੈਸਲਾ, ਸਿੰਗਲ ਔਰਤਾਂ ਵੀ ਪੈਦਾ ਕਰ ਸਕਣਗੀਆਂ ਬੱਚੇ

ਇਸ ਵੇਲੇ ਚੀਨ ਦੀ ਸਰਕਾਰ ਦੇਸ਼ ਵਿੱਚ ਘਟਦੇ ਬਰਥ ਰੇਟ ਤੋਂ ਪ੍ਰੇਸ਼ਾਨ ਹੈ, ਉਥੇ ਦੀ ਸਰਕਾਰ ਆਏ ਦਿਨ ਬਰਥ ਰੇਟ ਨੂੰ ਵਧਾਉਣ ਲਈ ਤਰ੍ਹਾਂ-ਤਰ੍ਹਾਂ ਦੇ ਤਰੀਕੇ ਕਰ ਰਹੀ ਹੈ। ਇਸੇ ਵਿਚਾਲੇ ਚੀਨੀ ਸਰਾਕਰ ਨੇ ਕੁਆਰੀਆਂ ਮਾਵਾਂ ਨੂੰ ਬੱਚੇ ਪੈਦਾ ਕਰਨ ਲਈ ਫਰਵਰੀ ਵਿੱਚ ਪੰਜੀਕਰਨ ਕਰਾਉਣ ਦੇ ਨਿਯਮ ਨੂੰ ਕਾਨੂੰਨੀ ਕਰ ਦਿੱਤਾ ਹੈ। ਇਸ ਦਾ ਮਤਲਬ ਹੈ ਕਿ ਹੁਣ ਚੀਨ ਦੀਆਂ ਕੁਆਰੀਆਂ ਔਰਤਾਂ ਗਰਭਧਾਰਨ ਕਰਨ ਤੋਂ ਬਾਅਦ ਪੇਡ ਲੀਵ ਅਤੇ ਚਾਈਲਡ ਸਬਸਿਡੀ ਹਾਸਲ ਕਰ ਸਕਦੀ ਹੈ।

ਚੀਨ ਦੇ ਦੱਖਣ-ਪੱਛਮੀ ਸਿਚੁਆਨ ਸੂਬੇ ਦੀ ਰਾਜਧਾਨੀ ਚੇਂਗਦੂ ਦੀ ਰਹਿਣ ਵਾਲੀ ਚੇਨ ਲੁਓਜਿਨ ਰਜਿਸਟ੍ਰੇਸ਼ਨ ਦਾ ਹਿੱਸਾ ਬਣਨ ਜਾ ਰਹੀ ਹੈ। ਚੇਨ ਲੁਓਜਿਨ 33 ਸਾਲ ਦੀ ਇਕ ਤਲਾਕਸ਼ੁਦਾ ਔਰਤ ਹੈ। ਹਾਲਾਂਕਿ, ਚੀਨ ਦੀ ਸਰਕਾਰ ਬੱਚੇ ਦੇ ਜਨਮ ਤੋਂ ਜੁੜੇ



ਰਜਿਸਟ੍ਰੇਸ਼ਨ ਦੇ ਨਿਯਮ ਨੂੰ ਦੇਸ਼ ਭਰ ਵਿੱਚ ਵੀ ਲਾਗੂ ਕਰਨ ਦੇ ਬਾਰੇ ਵਿਚਾਰ ਕਰ ਰਹੀ ਹੈ।

ਚੀਨ ਵਿੱਚ ਪਹਿਲੇ ਸਿਰਫ ਵਿਆਹੁਤਾ ਜੋੜਿਆਂ ਲਈ ਪੇਡ ਲੀਵ ਅਤੇ ਚਾਈਲਡ ਸਬਸਿਡੀ ਹਾਸਲ ਕਰਨ ਦਾ ਅਧਿਕਾਰ ਸੀ। ਦੱਖਣ-ਫੱਛਮੀ ਸਿਚੁਆਨ ਸੂਬੇ ਦੀ ਰਹਿਣ ਵਾਲੀ ਚੇਂਗਦੂ ਸਥਾਨਕ ਨਿੱਜੀ ਕਲੀਨਿਕ ਤੋਂ ਕਾਨੂੰਨੀ ਰੂਪ ਤੋਂ ਇਨ-ਵਿਟ੍ਰੋ ਫਰਟੀਲਿਟੀ (9ɔ6) ਦੇ ਟ੍ਰੀਟਮੈਂਟ ਦਾ ਲਾਭ ਉਠਾ ਸਕਦੀ ਹੈ। ਉਹ ਫਿਲਹਾਲ 10 ਹਫਤੇ ਦੀ ਗਰਭਵਤੀ ਹੈ। ਚੇਂਗਦੂ ਇੱਕ ਲਾਜਿਸਟਿਕ ਵਿਭਾਗ ਵਿੱਚ ਕੰਮ ਕਰਦੀ ਹੈ।

ਉਨ੍ਹਾਂ ਸਥਾਨਕ ਸਰਕਾਰ ਦੇ ਫੈਸਲੇ 'ਤੇ ਖੁਸ਼ੀ ਜ਼ਾਹਿਰ ਕਰਦੇ ਹੋਏ ਕਿਹਾ ਕਿ ਸਿੰਗਲ ਪੈਰੇਂਟ ਬਣਨਾ ਹਰ ਕਿਸੇ ਬਸ ਦੀ ਗੱਲ ਨਹੀਂ ਹੈ। ਉਨ੍ਹਾਂ ਕਈ ਤਰ੍ਹਾਂ ਦੇ ਤਕਲੀਫਾਂ ਤੋਂ ਲੰਘਣਾ ਪੈਂਦਾ ਹੈ। ਮੈਂ ਇਸ ਫੈਸਲੇ ਤੋਂ ਖੁਸ਼ ਹਾਂ। ਮੈਨੂੰ ਪਤਾ ਹੈ ਕਿ ਸਰਕਾਰ ਦੇ ਇਸ ਫੈਸਲੇ ਤੋਂ ਬਹੁਤ ਸਾਰੀਆਂ ਇਕੱਲੀਆਂ ਔਰਤਾਂ ਆਈਵੀਐੱਫ ਕਰ ਰਹੀ ਹੈ।

ਚੀਨ ਨੂੰ ਪਿਛਲੇ 60 ਸਾਲਾਂ ਵਿੱਚ ਪਹਿਲੀ ਵਾਰ ਅਬਾਦੀ ਗਿਰਾਵਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਚੀਨ ਵਿੱਚ ਤੇਜ਼ੀ ਨਾਲ ਲੋਕਾਂ ਦੀ ਉਮਰ ਵਿੱਚ ਵਾਧਾ ਹੋ ਰਿਹਾ ਹੈ। ਇਸ ਤੋਂ ਚਿੰਤਤ ਹੋ ਕੇ ਦੇਸ਼ ਦੀ ਸਰਕਾਰ ਮਾਰਚ ਦੇ ਮਹੀਨੇ ਵਿੱਚ ਇਨ-ਵਿਟਰੋ ਫਰਟੀਲਿਟੀ ਨਾਲ ਜੁੜੀਆਂ ਸੇਵਾਵਾਂ ਨੂੰ ਸਰਲ ਬਣਾਉਣ ਦੇ ਕੋਸ਼ਿਸ਼ ਕਰ ਰਹੀ ਹੈ।

ਇਸ ਤੋਂ ਦੇਸ਼ ਭਰ ਵਿੱਚ ਇਨ-ਵਿਟਰੋ ਫਰਟੀਲਿਟੀ ਦੇ ਮਦਦ ਨਾਲ ਫਰਟੀਲਿਟੀ ਦਰ ਨੂੰ ਵਧਾਉਣ ਵਿੱਚ ਮਦਦ ਮਿਲੇਗੀ। ਇਹ ਇਕ ਬਿਜ਼ਨੈੱਸ ਵਜੋਂ ਵਿੱਚ ਵੀ ਦੇਖਿਆ ਜਾ ਰਿਹਾ ਹੈ, ਕਿਉਂਕਿ ਇਹ ਪਹਿਲਾਂ ਤੋਂ ਹੀ ਦੁਨੀਆ ਦਾ ਸਭ ਤੋਂ ਵੱਡਾ ਬਾਜ਼ਾਰ ਹੈ। ਇਨਵੋ ਬਾਇਓਸਾਇੰਸ ਵਿੱਚ ਏਸ਼ੀਆ ਪੈਸਿਫਿਕ ਦੇ ਬਿਜ਼ਨੈੱਸ ਡਿਵਲਮੈਂਟ ਦੇ ਡਾਇਰੈਕਟਰ ਯਵੇ ਲਿੱਪੇਂਸ ਨੇ ਕਿਹਾ ਕਿ ਜੇ ਚੀਨ ਸਿੰਗਲ ਔਰਤਾਂ ਨੂੰ ਬੱਚੇ ਪੈਦਾ ਕਰਨ ਦੀ ਇਜਾਜ਼ਤ ਦੇਣ ਲਈ ਆਪਣੀ ਨੀਤੀ ਵਿੱਚ ਬਦਲਾਅ ਕਰਦਾ ਹੈ ਤਾਂ ਇਸ ਦੇ ਸਿੱਟੇ ਵਜੋਂ IVF ਦੀ ਮੰਗ ਵਿੱਚ ਵਾਧਾ ਹੋ ਸਕਦਾ ਹੈ।

# ਯੂਕਰੇਨ ਦੇ ਰੱਖਿਆ ਮੰਤਰਾਲੇ ਨੇ ਮਾਂ ਕਾਲੀ ਦੀ ਅਪਮਾਨਜਨਕ ਫੋਟੋ ਕੀਤੀ ਟਵੀਟ , ਭਾਰਤ 'ਚ ਹਿੰਦੂਆਂ ਦਾ ਫੁੱਟਿਆ ਗੁੱਸਾ

ਪਾਕਿਸਤਾਨ ਨੂੰ ਹਥਿਆਰ ਦੇਣ ਵਾਲੇ ਯੂਕਰੇਨ ਨੇ ਹੁਣ ਅਜਿਹਾ ਕਾਰਾ ਕਰ ਦਿੱਤਾ ਹੈ, ਜਿਸ ਤੋਂ ਬਾਅਦ ਭਾਰਤੀਆਂ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਹੈ। ਯੂਕਰੇਨ ਦੇ ਰੱਖਿਆ ਮੰਤਰਾਲੇ ਵੱਲੋਂ ਇੱਕ ਤਸਵੀਰ ਟਵੀਟ ਕੀਤੀ ਗਈ ਹੈ, ਜਿਸ ਨੇ ਭਾਰਤੀਆਂ ਖਾਸ ਕਰਕੇ ਹਿੰਦੂਆਂ ਨੂੰ ਨਾਰਾਜ਼ ਕੀਤਾ ਹੈ। ਰੱਖਿਆ ਮੰਤਰਾਲੇ ਦੇ ਅਧਿਕਾਰਤ ਟਵਿੱਟਰ ਹੈਂਡਲ ਤੋਂ ਮਾਂ ਕਾਲੀ ਦੀ ਇੱਕ ਅਪਮਾਨਜਨਕ ਫੋਟੋ ਸਾਂਝੀ ਕੀਤੀ ਗਈ ਹੈ। ਭਾਰਤ ਦੇ ਟਵਿੱਟਰ ਉਪਭੋਗਤਾ ਇਸ ਨੂੰ ਅਪਮਾਨਜਨਕ ਅਤੇ 'ਹਿੰਦੂਫੋਬਿਕ' ਕਰਾਰ ਦੇ ਰਹੇ ਹਨ। ਇਸ ਦੇ ਨਾਲ ਹੀ ਉਹ ਵਿਦੇਸ਼ ਮੰਤਰੀ ਐਸ ਜੈਸ਼ੰਕਰ ਤੋਂ ਇਸ 'ਤੇ ਕਾਰਵਾਈ ਕਰਨ ਦੀ ਮੰਗ ਕਰ ਰਹੇ ਹਨ। ਅਧਿਕਾਰਤ ਟਵਿੱਟਰ ਹੈਂਡਲ @DefenceU ਦੁਆਰਾ 30 ਅਪ੍ਰੈਲ ਨੂੰ ਟਵੀਟ ਕੀਤੀ ਗਈ ਫੋਟੋ ਨੂੰ ੍ਵਰਕ ਆਫ਼ ਆਰਟ੍ਹ ਕੈਪਸ਼ਨ ਨਾਲ ਸਾਂਝਾ ਕੀਤਾ





ਗਿਆ ਹੈ। ਇਸ ਤਸਵੀਰ ਵਿੱਚ ਮਾਂ ਕਾਲੀ ਨੂੰ ਹਾਲੀਵੁੱਡ ਅਦਾਕਾਰਾ ਮਰਲਿਨ ਮੁਨਰੋ ਵਾਂਗ ਦਿਖਾਇਆ ਗਿਆ ਹੈ। ਧਮਾਕੇ ਤੋਂ ਨਿਕਲਦੇ ਧੂੰਏਂ 'ਚ ਮਾਰਲਿਨ ਮੋਨਰੋ ਵਰਗੇ ਚਿਹਰੇ ਵਾਲੀ ਮਾਂ ਕਾਲੀ ਦਾ ਚਿਹਰਾ ਨਜ਼ਰ ਆ ਰਿਹਾ ਹੈ। ਇਸ ਤਸਵੀਰ ਨੇ ਹਿੰਦੂਆਂ ਨੂੰ ਕਾਫੀ ਨਿਰਾਜ਼ ਕਰ ਦਿੱਤਾ ਹੈ। ਉਹ ਕਹਿ ਰਹੇ ਹਨ ਕਿ ਇਹੀ ਕਾਰਨ ਹੈ ਕਿ ਯੂਕਰੇਨ ਨੂੰ ਭਾਰਤ ਤੋਂ ਕਿਸੇ ਤਰ੍ਹਾਂ ਦਾ ਸਮਰਥਨ ਨਹੀਂ ਮਿਲ ਰਿਹਾ ਹੈ।

**ਯੂਜ਼ਰਸ ਬੋਲੇ ਬੇਹੱਦ ਘਿਣਾਉਣੀ ਹਰਕਤ**

ਇਕ ਯੂਜ਼ਰ ਨੇ ਲਿਖਿਆ, ਮੈਂ ਯੂਕਰੇਨ ਦੇ ਰੱਖਿਆ ਮੰਤਰਾਲੇ ਵੱਲੋਂ ਹਿੰਦੂਆਂ 'ਚ ਬਹੁਤ ਸਤਿਕਾਰਯੋਗ ਮਾਂ ਕਾਲੀ ਦਾ ਇਸ ਤਰ੍ਹਾਂ ਮਜ਼ਾਕ ਉਡਾਉਣ ਤੋਂ ਬਹੁਤ ਦੁਖੀ ਹਾਂ। ਇਹ ਅਸੰਵੇਦਨਸ਼ੀਲਤਾ ਅਤੇ ਅਗਿਆਨਤਾ ਦਾ ਘੋਰ ਪ੍ਰਦਰਸ਼ਨ ਹੈ। ਮੈਂ ਉਸ ਨੂੰ ਇਤਰਾਜ਼ਯੋਗ ਸਮੱਗਰੀ ਹਟਾਉਣ ਅਤੇ ਮੁਆਫੀ ਮੰਗਣ ਦੀ ਮੰਗ ਕਰਦਾ ਹਾਂ। ਸਾਰੇ ਧਰਮਾਂ ਅਤੇ ਮਾਨਤਾਵਾਂ ਦਾ ਸਤਿਕਾਰ ਸਰਵਉੱਚ ਹੈ। ਇਕ ਹੋਰ ਯੂਜ਼ਰ ਨੇ ਲਿਖਿਆ, ਇਸ ਤਰ੍ਹਾਂ ਦੇ ਕਾਰਟੂਨ ਬਣਾਉਣ ਅਤੇ ਸਾਡੇ ਵਿਸ਼ਵਾਸ ਦਾ ਅਪਮਾਨ ਕਰਨ ਲਈ ਤੁਹਾਨੂੰ ਸ਼ਰਮ ਆਉਂਦੀ ਹੈ! ਬਹੁਤ ਹੀ ਘਿਣਾਉਣੀ ਕੋਸ਼ਿਸ਼।

# ਲੁਧਿਆਣਾ 'ਚ 11 ਲੋਕਾਂ ਦੀ ਜਾਨ ਲੈਣ ਵਾਲੀ ਗੈਸ ਦੀ ਹੋਈ ਪਛਾਣ

ਲੁਧਿਆਣਾ 'ਚ ਬੀਤੇ ਦਿਨ ਗਿਆਸਪੁਰਾ ਇਲਾਕੇ 'ਚ ਜ਼ਹਿਰੀਲੀ ਗੈਸ ਲੀਕ ਹੋਣ ਕਾਰਨ 11 ਲੋਕਾਂ ਦੀ ਮੌਤ ਹੋ ਗਈ ਸੀ। ਇਸ ਮਾਮਲੇ 'ਚ ਪੁਲਿਸ ਵੱਲੋਂ ਅਜੇ ਵੀ ਜਾਂਚ ਕੀਤੀ ਜਾ ਰਹੀ ਹੈ। ਨਾਲ ਹੀ ਮਾਮਲੇ ਦੀ ਮੈਜਿਸਟ੍ਰੇਟ ਜਾਂਚ ਦੇ ਵੀ ਹੁਕਮ ਦਿੱਤੇ ਗਏ ਹਨ। ਹੁਣ ਇਸ ਮਾਮਲੇ 'ਚ ਵੱਡਾ ਖੁਲਾਸਾ ਹੋਇਆ ਹੈ। ਦੱਸ ਦਈਏ ਕਿ ਹਾਈਡ੍ਰੋਜਨ ਸੈਲਫਾਈਡ ਗੈਸ ਦੇ ਕਾਰਨ ਇਹ ਹਾਦਸਾ ਵਾਪਰਿਆ ਸੀ। ਐਨਡੀਆਰਐਫ ਵੱਲੋਂ ਕੀਤੀ ਗਈ ਜਾਂਚ ਦੌਰਾਨ ਇਹ ਖੁਲਾਸਾ ਹੋਇਆ ਹੈ।

ਹਾਈਡ੍ਰੋਜਨ ਸਲਫਾਈਡ ਗੈਸ ਕਾਰਨ ਵਾਪਰਿਆ ਹਾਦਸਾ

ਮਿਲੀ ਜਾਣਕਾਰੀ ਮੁਤਾਬਿਕ ਮਾਮਲੇ ਤੋਂ ਬਾਅਦ ਐਨਡੀਆਰਐਫ ਅਤੇ ਹੋਰ ਵਿਭਾਗਾਂ ਦੀ ਟੀਮਾਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਲੁਧਿਆਣਾ ਦੇ ਗਿਆਸਪੁਰਾ





ਇਲਾਕੇ ਵਿੱਚ ਬੀਤੇ ਦਿਨੀਂ ਗੈਸ ਲੀਕ ਹੋਣ ਦੇ ਮਾਮਲੇ ਵਿੱਚ ਐਨਡੀਆਰਐਫ ਅਤੇ ਨਗਰ ਨਿਗਮ ਸਮੇਤ ਸਥਾਨਕ ਪ੍ਰਸ਼ਾਸਨ ਵੱਲੋਂ ਲਗਾਤਾਰ ਗੈਸ ਦੇ ਪੱਧਰ ਦੀ ਜਾਂਚ ਕੀਤੀ ਜਾ ਰਹੀ ਹੈ। ਪਰ ਹੁਣ ਤੱਕ ਦੀ ਜਾਂਚ ਤੋਂ ਬਾਅਦ ਇਹ ਖੁਲਾਸਾ ਹੋਇਆ ਹੈ। ਇਹ ਹਾਦਸਾ ਹਾਈਡ੍ਰੋਜਨ ਸਲਫਾਈਡ ਗੈਸ ਕਾਰਨ ਵਾਪਰਿਆ।

ਹਾਲਾਂਕਿ, ਗੈਸ ਕਿਵੇਂ ਬਣੀ ਇਸ ਦੀ ਜਾਂਚ ਹੋਣੀ ਬਾਕੀ ਹੈ। ਉਨ੍ਹਾਂ ਵੱਲੋਂ ਬੀਤੀ ਰਾਤ ਤੋਂ ਲਗਾਤਾਰ ਗੈਸ ਦੇ ਪੱਧਰ ਦੀ ਜਾਂਚ ਕੀਤੀ ਜਾ ਰਹੀ ਹੈ। ਹਾਲਾਂਕਿ ਗੈਸ ਦਾ ਪੱਧਰ ਘਟਿਆ ਹੈ।

**ਪੀਐੱਮ ਮੋਦੀ ਨੇ ਸਹਾਇਤਾ ਰਾਸ਼ੀ ਦਾ ਕੀਤਾ ਐਲਾਨ**

ਉੱਥੇ ਹੀ ਦੂਜੇ ਪਾਸੇ ਲੁਧਿਆਣਾ ਵਿੱਚ ਗੈਸ ਲੀਕ ਹੋਣ ਕਾਰਨ ਵਾਪਰੀ ਦੁੱਖਦ ਘਟਨਾ 'ਤੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਰੇਕ ਮ੍ਰਿਤਕ ਦੇ ਵਾਰਸਾਂ ਲਈ ਪੀਐੱਮਐੱਨਆਰਐੱਫ ਜ਼ਰੀਏ 2 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਗ੍ਰਾਂਟ ਦੇਣ ਦਾ ਐਲਾਨ ਕੀਤਾ ਹੈ। ਹਰੇਕ ਜ਼ਖਮੀ ਵਿਅਕਤੀ ਨੂੰ 50,000 ਰੁਪਏ ਦਿੱਤੇ ਜਾਣਗੇ।

**ਹਾਈਡ੍ਰੋਜਨ ਸੈਲਫਾਈਡ ਗੈਸ ਹੈ ਕਿੰਨੀ ਖ਼ਤਰਨਾਕ ?**

ਆਓ ਹੁਣ ਤੁਹਾਨੂੰ ਦੱਸਦੇ ਹਾਂ ਕਿ ਹਾਈਡ੍ਰੋਜਨ ਸੈਲਫਾਈਡ ਗੈਸ ਕਿੰਨੀ ਖਤਰਨਾਕ ਹੈ। ਦੱਸ ਦਈਏ ਕਿ ਹਾਈਡ੍ਰੋਜਨ ਸਲਫਾਈਡ ਇੱਕ ਰੰਗਹੀਣ ਗੈਸ ਹੈ ਜਿਸਦੀ ਤੇਜ਼ ਗੰਧ ਸੜੇ ਹੋਏ ਆਂਡਿਆਂ ਦੇ ਸਮਾਨ ਹੈ। ਹਾਈਡ੍ਰੋਜਨ ਸਲਫਾਈਡ ਦੇ ਸੰਪਰਕ ਵਿੱਚ ਆਉਣ ਨਾਲ ਅੱਖਾਂ ਅਤੇ ਸਾਹ ਲੈਣ ਵਿੱਚ ਜਲਣ ਹੋ ਸਕਦੀ ਹੈ। ਇਸ ਦੇ ਸੰਪਰਕ ਵਿੱਚ ਆਉਣ ਨਾਲ ਚੱਕਰ ਆਉਣਾ, ਸਿਰਦਰਦ, ਕਮਜ਼ੋਰੀ, ਚਿੜਚਿੜਾਪਨ, ਇਨਸੌਮਨੀਆ, ਪੇਟ ਖਰਾਬ ਹੋ ਸਕਦਾ ਹੈ। ਹਾਈਡ੍ਰੋਜਨ ਸਲਫਾਈਡ ਦੇ ਸੰਪਰਕ ਵਿੱਚ ਆਉਣ ਵਾਲੇ ਲੋਕਾਂ ਲਈ ਜੋਖਮ ਦਾ ਪੱਧਰ ਮਾਤਰਾ, ਸਮੇਂ ਅਤੇ ਕੀਤੇ ਜਾ ਰਹੇ ਕੰਮ 'ਤੇ ਨਿਰਭਰ ਕਰਦਾ ਹੈ। ਇਸ ਦੀ ਓਵਰਡੋਜ਼ ਨਾਲ ਤੁਰੰਤ ਮੌਤ ਦਾ ਖ਼ਤਰਾ ਵੀ ਰਹਿੰਦਾ ਹੈ।